ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

ਚੜ੍ਹਦੀਕਲਾ

ਮੁੱਖ ਸੰਪਾਦਕ : ਡਾ. ਜਗਜੀਤ ਸਿੰਘ 'ਦਰਦੀ' DAILY CHARHDIKALA, CHANDIGARH ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ
ਸੰਪਾਦਕ : ਦਮਨਦੀਪ ਸਿੰਘ

(Sunday, 29March, 2026) ਚੰਡੀਗੜ੍ਹ, ਐਤਵਾਰ, 29 ਮਾਰਚ , 2026, 16 ਚੇਤ ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083

PRGI (RNI) Regd. No. CHPUN/25/A1790 ਸਾਲ (Year) 2 ਅੰਕ ਨੰਬਰ (Volume No.) 86 ਮੁੱਲ : 2.00 ਰੁਪਏ ਫ਼ੋਨ: +91-92168-07500 E-mail: news@charhdikala.com

ਚੜ੍ਹਦੀਕਲਾ ਪੜ੍ਹੋ ਚੜ੍ਹਦੀਕਲਾ 'ਚ ਰਹੋ
ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ ਲਈ
ਆਪਣੇ ਅਖਬਾਰ ਏਜੰਟ ਤੋਂ ਚੜ੍ਹਦੀਕਲਾ ਦੀ ਮੰਗ ਕਰੋ

ਚੜ੍ਹਦੀਕਲਾ ਦੇ ਪੱਤਰਕਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕੋਈ ਵੀ ਪ੍ਰੈੱਸ ਨੋਟ, ਖ਼ਬਰ ਜਾਂ ਇਸ਼ਤਿਹਾਰ news@charhdikala.com ਉੱਤੇ ਹੀ ਭੇਜਿਆ ਜਾਵੇ ਜੀ

ਪੰਜਾਬ ਯੂਨੀਵਰਸਿਟੀ ਦੀ ਵੀ. ਸੀ. ਪ੍ਰੋ. ਰੇਨੂੰ ਵਿਗ ਦਾ ਕਾਰਜਕਾਲ 4 ਮਹੀਨਿਆਂ ਲਈ ਵਧਾਇਆ

ਚੰਡੀਗੜ੍ਹ, 28 ਮਾਰਚ (ਚ. ਨ. ਸ.): ਪੰਜਾਬ ਯੂਨੀਵਰਸਿਟੀ ਦੇ ਵਾਈਸ-ਚਾਂਸਲਰ (ਵੀ. ਸੀ.) ਪ੍ਰੋਫੈਸਰ ਰੇਨੂੰ ਵਿਗ ਨੂੰ ਚਾਰ ਮਹੀਨਿਆਂ ਦਾ ਵਾਧਾ ਦਿੱਤਾ ਗਿਆ ਹੈ। ਉਪ-ਰਾਸ਼ਟਰਪਤੀ ਦਫ਼ਤਰ ਵੱਲੋਂ ਜਾਰੀ ਇੱਕ ਨੋਟੀਫਿਕੇਸ਼ਨ ਅਨੁਸਾਰ ਉਨ੍ਹਾਂ ਦਾ ਮੌਜੂਦਾ ਕਾਰਜਕਾਲ, ਜੋ ਕਿ 28 ਮਾਰਚ ਨੂੰ ਖ਼ਤਮ ਹੋਣ ਵਾਲਾ ਸੀ, ਹੁਣ ਪੰਜਾਬ ਯੂਨੀਵਰਸਿਟੀ ਐਕਟ, 1947 ਦੀ ਧਾਰਾ 10 ਦੇ ਉਪਬੰਧਾਂ ਤਹਿਤ, 29 ਮਾਰਚ ਤੋਂ ਲਾਗੂ ਹੋ ਕੇ, ਚਾਰ ਮਹੀਨਿਆਂ ਲਈ ਵਧਾ ਦਿੱਤਾ ਗਿਆ ਹੈ। ਇਸ ਤਰ੍ਹਾਂ ਪ੍ਰੋਫੈਸਰ ਰੇਨੂੰ ਵਿਗ ਦਾ ਕਾਰਜਕਾਲ ਹੁਣ 29 ਜੁਲਾਈ, 2026 ਤੱਕ ਵਧੇਗਾ। ਇਹ ਪਹਿਲੀ ਵਾਰ ਹੈ, ਜਦੋਂ ਕਿਸੇ ਵਾਈਸ-ਚਾਂਸਲਰ ਨੂੰ ਚਾਰ ਮਹੀਨਿਆਂ ਦਾ ਵਾਧਾ ਦਿੱਤਾ ਗਿਆ ਹੈ। ਇਸ ਬਾਰੇ ਪਹਿਲਾਂ ਅੰਦਾਜ਼ਾ ਲਗਾਇਆ ਜਾ ਰਿਹਾ ਸੀ। ਪੀ. ਯੂ. ਵੀ. ਸੀ. ਲਈ ਇੱਕ ਸਾਲ ਦੇ ਵਾਧੇ ਦੀ ਗੱਲ ਚੱਲ ਰਹੀ ਸੀ (ਅਗਲੇ ਹੁਕਮਾਂ ਤੱਕ)। ਇਹ ਵੀ ਕਿਆਸ ਲਗਾਏ ਜਾ ਰਹੇ ਸਨ ਕਿ ਪ੍ਰੋ. ਰੇਨੂੰ ਵਿੱਗ, ਹੋਰ ਸਾਬਕਾ ਵਾਈਸ ਚਾਂਸਲਰਾਂ ਵਾਂਗ, ਦੂਜੀ ਤਿੰਨ ਸਾਲ ਦੀ ਮਿਆਦ ਪ੍ਰਾਪਤ ਕਰ ਸਕਦੇ ਹਨ, ਕਿਉਂਕਿ ਉਪ-ਰਾਸ਼ਟਰਪਤੀ ਦਫ਼ਤਰ ਨੇ ਨਵੀਂ ਖੋਜ ਅਤੇ ਚੋਣ ਕਮੇਟੀ ਨਹੀਂ ਬਣਾਈ ਸੀ। ਪਿਛਲੇ ਕੁੱਝ ਦਿਨਾਂ ਤੋਂ ਪ੍ਰਸ਼ਾਸਕੀ ਅਤੇ ਅਕਾਦਮਿਕ ਹਲਕਿਆਂ ਵਿੱਚ ਇਸ ਬਾਰੇ ਬਹਿਸ ਚੱਲ ਰਹੀ ਸੀ ਕਿ ਕੀ ਉਨ੍ਹਾਂ ਨੂੰ ਐਕਸਟੈਂਸ਼ਨ ਮਿਲੇਗੀ ਜਾਂ ਨਵਾਂ ਵਾਈਸ ਚਾਂਸਲਰ ਨਿਯੁਕਤ ਕੀਤਾ ਜਾਵੇਗਾ। ਸ਼ੁੱਕਰਵਾਰ ਸ਼ਾਮ ਨੂੰ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਨੇ ਇਨ੍ਹਾਂ ਅਟਕਲਾਂ ਨੂੰ ਖ਼ਤਮ ਕਰ ਦਿੱਤਾ। ਇਹ ਜ਼ਿਕਰਯੋਗ ਹੈ ਕਿ ਪ੍ਰੋ. ਰੇਨੂੰ ਵਿਗ ਨੇ ਪ੍ਰੋ. ਰਾਜਕੁਮਾਰ ਦੇ ਅਸਤੀਫ਼ੇ ਤੋਂ ਬਾਅਦ 16 ਜਨਵਰੀ, 2023 ਨੂੰ ਕਾਰਜਕਾਰੀ ਵਾਈਸ ਚਾਂਸਲਰ ਵਜੋਂ ਅਹੁਦਾ ਸੰਭਾਲਿਆ ਸੀ।

ਉਸ ਸਮੇਂ ਉਹ ਯੂਨੀਵਰਸਿਟੀ ਦੀ ਸਭ ਤੋਂ ਸੀਨੀਅਰ ਪ੍ਰੋਫੈਸਰ ਅਤੇ ਯੂਨੀਵਰਸਿਟੀ ਇੰਸਟ੍ਰਕਸ਼ਨ ਦੀ ਡੀਨ ਸੀ। 21 ਮਾਰਚ, 2023 ਨੂੰ ਬਣਾਈ ਗਈ ਤਿੰਨ ਮੈਂਬਰੀ ਖੋਜ ਅਤੇ ਚੋਣ ਕਮੇਟੀ ਨੇ 140 ਬਿਨੈਕਾਰਾਂ ਵਿੱਚੋਂ ਉਨ੍ਹਾਂ ਦੇ ਨਾਮ ਨੂੰ ਮਨਜ਼ੂਰੀ ਦੇ ਦਿੱਤੀ। ਪ੍ਰੋ. ਰੇਨੂੰ ਵਿਗ ਪੰਜਾਬ ਯੂਨੀਵਰਸਿਟੀ ਦੀ ਪਹਿਲੀ ਮਹਿਲਾ ਵਾਈਸ ਚਾਂਸਲਰ ਬਣੇ। ਆਪਣੇ ਕਾਰਜਕਾਲ ਦੌਰਾਨ ਪੰਜਾਬ ਯੂਨੀਵਰਸਿਟੀ ਨੂੰ ਆਪਣਾ ਪਹਿਲਾ ਰਾਸ਼ਟਰੀ ਪੁਰਸਕਾਰ ਮਿਲਿਆ। ਯੂਨੀਵਰਸਿਟੀ ਨੂੰ ਰਾਸ਼ਟਰੀ ਮੁਲਾਂਕਣ ਅਤੇ ਮਾਨਤਾ ਪ੍ਰੀਸ਼ਦ ਤੋਂ ਏ ਪਲੱਸ ਗ੍ਰੇਡ ਮਿਲਿਆ। ਯੂਨੀਵਰਸਿਟੀ ਨੂੰ 4 ਵਿੱਚੋਂ 3.68 ਦਾ ਸੀ. ਜੀ. ਪੀ. ਏ. ਸਕੋਰ ਮਿਲਿਆ, ਜੋ ਕਿ ਹੁਣ ਤੱਕ ਦਾ ਸਭ ਤੋਂ ਉੱਚਾ ਹੈ ਅਤੇ ਇਹ ਮਾਨਤਾ 2030 ਤੱਕ ਲਾਗੂ ਰਹੇਗੀ। ਉਨ੍ਹਾਂ ਦੇ ਕਾਰਜਕਾਲ ਦੌਰਾਨ ਨਵੀਂ ਸਿੱਖਿਆ ਨੀਤੀ 2020 ਲਾਗੂ ਕੀਤੀ ਗਈ ਸੀ। ਹੁਨਰ ਵਾਧਾ ਅਤੇ ਮੁੱਲ-ਵਰਧਿਤ ਕੋਰਸ ਵੀ ਪੇਸ਼ ਕੀਤੇ ਗਏ ਸਨ, ਅਤੇ PI-Rahi ਵਰਗੇ ਉਪਰਾਲੇ ਵੀ ਸ਼ੁਰੂ ਕੀਤੇ ਗਏ ਸਨ।

ਭਗਵੰਤ ਸਿੰਘ ਮਾਨ ਤੇ ਕੇਜਰੀਵਾਲ ਨੇ 109 ਨਵੇਂ 'ਆਮ ਆਦਮੀ ਕਲੀਨਿਕਾਂ' ਦੀ ਦਿੱਤੀ ਸੌਗਾਤ

ਖੇਤਾਂ 'ਚੋਂ ਖੰਭੇ ਹਟਣਗੇ, ਕਿਸਾਨਾਂ ਨੂੰ ਮਿਲੇਗੀ ਅੰਡਰਗਰਾਊਂਡ ਬਿਜਲੀ: ਮਾਨ

ਸਰਹੰਦ/ਫ਼ਤਹਿਗੜ੍ਹ ਸਾਹਿਬ, 28 ਮਾਰਚ (ਚ. ਨ. ਸ.): ਪੰਜਾਬ ਵਿੱਚ ਸਿਹਤ ਸਹੂਲਤਾਂ ਨੂੰ ਘਰ-ਘਰ ਪਹੁੰਚਾਉਣ ਦੇ ਮਕਸਦ ਨਾਲ ਅੱਜ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਸਰਹੰਦ ਵਿਖੇ ਇੱਕ ਵਿਸ਼ੇਸ਼ ਸਮਾਗਮ ਦੌਰਾਨ 109 ਨਵੇਂ 'ਆਮ ਆਦਮੀ ਕਲੀਨਿਕ' ਲੋਕਾਂ ਨੂੰ ਸਮਰਪਿਤ ਕੀਤੇ। ਇਸ ਨਵੇਂ ਉਦਘਾਟਨ ਨਾਲ ਹੁਣ ਪੰਜਾਬ ਵਿੱਚ ਕੁੱਲ ਆਮ ਆਦਮੀ ਕਲੀਨਿਕਾਂ ਦੀ ਗਿਣਤੀ ਵੱਧ ਕੇ 990 ਹੋ ਗਈ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਭਗਵੰਤ ਮਾਨ ਨੇ ਕਿਹਾ ਕਿ ਇਹ ਕਲੀਨਿਕ ਆਮ ਲੋਕਾਂ ਲਈ ਵਰਦਾਨ ਸਾਬਿਤ ਹੋ ਰਹੇ ਹਨ। ਉਨ੍ਹਾਂ ਦੱਸਿਆ ਕਿ, ਇਨ੍ਹਾਂ ਕਲੀਨਿਕਾਂ ਵਿੱਚ ਲੋਕਾਂ ਨੂੰ ਮੁਫ਼ਤ ਦਵਾਈਆਂ, ਮੁਫ਼ਤ ਟੈਸਟ ਅਤੇ ਬਿਹਤਰ ਡਾਕਟਰੀ ਸਲਾਹ ਮਿਲ ਰਹੀ ਹੈ। ਸਰਕਾਰ ਦਾ ਟੀਚਾ ਹਰ ਪਿੰਡ ਅਤੇ ਮੁਹੱਲੇ ਤੱਕ ਵਿਸ਼ਵ ਪੱਧਰੀ ਸਿਹਤ ਸਹੂਲਤਾਂ ਪਹੁੰਚਾਉਣਾ ਹੈ। ਹੁਣ ਤੱਕ ਕਰੋੜਾਂ ਲੋਕ ਇਨ੍ਹਾਂ ਕਲੀਨਿਕਾਂ ਤੋਂ ਆਪਣਾ ਇਲਾਜ ਕਰਵਾ ਕੇ ਲਾਭ ਉਠਾ ਚੁੱਕੇ ਹਨ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਦਾ ਇਹ ਸਿਹਤ ਮਾਡਲ ਹੁਣ ਪੂਰੇ ਦੇਸ਼ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਗ਼ਰੀਬ ਲੋਕਾਂ ਨੂੰ ਮਾਮੂਲੀ ਇਲਾਜ ਲਈ ਵੀ ਵੱਡੇ ਹਸਪਤਾਲਾਂ ਦੇ ਚੱਕਰ ਕੱਟਣੇ ਪੈਂਦੇ ਸਨ, ਪਰ ਹੁਣ ਇਹ ਕਲੀਨਿਕ ਉਨ੍ਹਾਂ ਦੇ ਘਰਾਂ ਦੇ ਬਿਲਕੁਲ ਨੇੜੇ ਖੁੱਲ੍ਹ ਚੁੱਕੇ ਹਨ। ਅੱਜ ਦੇ 109 ਕਲੀਨਿਕਾਂ ਦੇ ਉਦਘਾਟਨ ਤੋਂ ਬਾਅਦ ਪੰਜਾਬ ਦੇ ਸਿਹਤ ਢਾਂਚੇ ਵਿੱਚ ਇੱਕ ਹੋਰ ਨਵਾਂ ਅਧਿਆਏ ਜੁੜ ਗਿਆ ਹੈ। ਇਸ ਨਵੇਂ ਉਦਘਾਟਨ ਨਾਲ ਹੁਣ ਪੰਜਾਬ ਵਿੱਚ ਕੁੱਲ ਆਮ ਆਦਮੀ ਕਲੀਨਿਕਾਂ ਦੀ ਗਿਣਤੀ ਵੱਧ ਕੇ 990 ਹੋ ਗਈ ਹੈ। ਸਰਕਾਰ ਵੱਲੋਂ ਜਲਦ ਹੀ ਕਲੀਨਿਕਾਂ ਦੀ ਗਿਣਤੀ 1000 ਤੋਂ ਪਾਰ ਕਰਨ ਦਾ ਟੀਚਾ ਰੱਖਿਆ ਗਿਆ ਹੈ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਪੰਜਾਬ ਦੇ ਖੇਤਾਂ ਵਿੱਚੋਂ ਬਿਜਲੀ ਦੇ ਖੰਭੇ ਹਟਾ ਕੇ ਅੰਡਰਗਰਾਊਂਡ ਬਿਜਲੀ ਸਪਲਾਈ ਸ਼ੁਰੂ ਕੀਤੀ ਜਾਵੇਗੀ। ਇਸ ਯੋਜਨਾ ਨਾਲ ਨਾ ਸਿਰਫ਼ ਖੇਤਾਂ ਵਿੱਚ ਅੱਗ ਲੱਗਣ ਦੇ ਖ਼ਤਰੇ ਘਟਣਗੇ, ਸਗੋਂ ਖੰਭਿਆਂ ਕਾਰਨ ਹੁੰਦੇ ਹਾਦਸਿਆਂ ਤੋਂ ਵੀ ਬਚਾਅ ਹੋਵੇਗਾ। ਉਨ੍ਹਾਂ ਕਿਹਾ ਕਿ ਹੁਣ ਕਿਸਾਨਾਂ ਨੂੰ ਰਾਤ ਦੇ ਸਮੇਂ ਪਾਣੀ ਲਾਉਣ ਦੀ ਮਜਬੂਰੀ ਨਹੀਂ ਰਹੇਗੀ, ਕਿਉਂਕਿ ਦਿਨ ਵੇਲੇ ਹੀ ਬਿਜਲੀ ਮੁਹੱਈਆ ਕਰਵਾਈ ਜਾ ਰਹੀ ਹੈ। ਮਾਨ ਨੇ ਕਿਹਾ ਕਿ ਆਮ ਆਮਦੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ, ਜੋ ਸੱਤਾ ਲਈ ਨਹੀਂ, ਸੇਵਾ ਲਈ ਕੰਮ ਕਰਦੀ ਹੈ। ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਦੀਆਂ ਸਟੇਜਾਂ 'ਤੇ ਸਿਰਫ਼ ਕੁਰਸੀ ਦੀ ਸਿਆਸਤ ਹੁੰਦੀ ਹੈ, ਜਦਕਿ ਆਪ ਦੀ ਸਟੇਜ ਲੋਕਾਂ ਦੀ ਸਿਹਤ, ਸਿੱਖਿਆ ਅਤੇ ਕਿਸਾਨੀ ਮੁੱਦਿਆਂ ਨੂੰ ਸਮਰਪਿਤ ਹੈ। ਮਾਨ ਨੇ ਧਾਰਮਿਕ ਅਦਬ ਦੀ ਰੱਖਿਆ ਲਈ ਐਲਾਨ ਕੀਤਾ ਕਿ 13 ਅਪ੍ਰੈਲ ਨੂੰ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਇਆ ਜਾਵੇਗਾ। ਇਸ ਵਿੱਚ ਗੁਰੂ ਗ੍ਰੰਥ ਸਾਹਿਬ ਨਾਲ ਬੇਅਦਬੀ ਕਰਨ ਵਾਲਿਆਂ ਲਈ ਘੱਟੋ-ਘੱਟ 10 ਸਾਲ ਦੀ ਸਜ਼ਾ ਅਤੇ ਵੱਧ ਤੋਂ ਵੱਧ ਉਮਰ ਕੈਦ ਦਾ ਪ੍ਰਬੰਧ ਕਰਨ ਲਈ ਕਾਨੂੰਨ ਵਿੱਚ ਸੋਧ ਕੀਤੀ ਜਾਵੇਗੀ।

ਪੰਜਾਬ 'ਚ ਵਿਕਾਸ ਨਹੀਂ ਰੁਕਣ ਦਿਆਂਗੇ : ਕੇਜਰੀਵਾਲ

ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਖ਼ੁਲਾਸਾ ਕੀਤਾ ਕਿ ਇਹ ਕਲੀਨਿਕ ਸਿਰਫ਼ ਖੋਲ੍ਹੇ ਹੀ ਨਹੀਂ ਗਏ, ਬਲਕਿ ਇਨ੍ਹਾਂ ਦੀ ਕਾਰਗੁਜ਼ਾਰੀ 'ਤੇ ਮੁੱਖ ਮੰਤਰੀ ਦਫ਼ਤਰ ਤੋਂ ਸਿੱਧੀ ਨਜ਼ਰ ਰੱਖੀ ਜਾਂਦੀ ਹੈ। ਉਨ੍ਹਾਂ ਕਿਹਾ, ਇੱਕ-ਇੱਕ ਕਲੀਨਿਕ ਦੀ ਨਿਗਰਾਨੀ ਹੁੰਦੀ ਹੈ ਤਾਂ ਜੋ ਪਤਾ ਲੱਗ ਸਕੇ ਕਿ ਉੱਥੇ ਦਵਾਈਆਂ ਜਾਂ ਡਾਕਟਰਾਂ ਦੀ ਕੋਈ ਕਮੀ ਤਾਂ ਨਹੀਂ। ਉਨ੍ਹਾਂ ਭਰੋਸਾ ਦਿੱਤਾ ਕਿ ਇਨ੍ਹਾਂ ਕਲੀਨਿਕਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਦਵਾਈ ਜਾਂ ਡਾਕਟਰਾਂ ਦੀ ਕੋਈ ਕਿੱਲਤ ਨਹੀਂ ਹੈ। ਆਪਣੇ ਭਾਸ਼ਣ ਵਿੱਚ ਕੇਜਰੀਵਾਲ ਨੇ ਕਿਹਾ ਕਿ ਵੱਡੀਆਂ-ਵੱਡੀਆਂ ਤਾਕਤਾਂ ਸਾਡੇ ਪਿੱਛੇ ਲੱਗੀਆਂ ਹੋਈਆਂ ਹਨ ਅਤੇ ਸਾਨੂੰ ਰੋਕਣ ਦੀਆਂ ਕੋਸ਼ਿਸ਼ਾਂ ਕਰ ਰਹੀਆਂ ਹਨ, ਪਰ ਅਸੀਂ ਪੰਜਾਬ ਦੇ ਵਿਕਾਸ ਨੂੰ ਨਹੀਂ ਰੁਕਣ ਦਿਆਂਗੇ। ਉਨ੍ਹਾਂ ਨੇ ਅਦਾਲਤ ਦਾ ਜ਼ਿਕਰ ਕਰਦਿਆਂ ਕਿਹਾ ਕਿ ਕੋਰਟ ਨੇ ਵੀ ਉਨ੍ਹਾਂ ਨੂੰ 'ਕੱਟੜ ਇਮਾਨਦਾਰ' ਕਿਹਾ ਹੈ, ਜੋ ਉਨ੍ਹਾਂ ਦੀ ਸਿਆਸਤ ਦੀ ਸਭ ਤੋਂ ਵੱਡੀ ਤਾਕਤ ਹੈ। ਪਿਛਲੀਆਂ ਸਰਕਾਰਾਂ ਨੂੰ ਲੰਬੇ ਹੱਥੀਂ ਲੈਂਦਿਆਂ ਉਨ੍ਹਾਂ ਕਿਹਾ ਕਿ ਪਹਿਲਾਂ ਕਿਸੇ ਵੀ ਸਰਕਾਰ ਨੇ ਲੋਕਾਂ ਦੀ ਸਿਹਤ ਦੀ ਪ੍ਰਵਾਹ ਨਹੀਂ ਕੀਤੀ ਅਤੇ ਨਾ ਹੀ ਕੋਈ ਮੁਹੱਲਾ ਕਲੀਨਿਕ ਬਣਾਇਆ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿੱਚ ਕੁੱਲ 990 ਕਲੀਨਿਕ ਚੱਲ ਰਹੇ ਹਨ, ਜਿੱਥੇ ਆਮ ਆਦਮੀ ਨੂੰ ਬਿਨਾਂ ਕਿਸੇ ਖ਼ਰਚੇ ਦੇ ਮਿਆਰੀ ਇਲਾਜ ਮਿਲ ਰਿਹਾ ਹੈ।

13 ਅਪ੍ਰੈਲ ਨੂੰ 'ਬੇਅਦਬੀ' ਕਾਨੂੰਨ ਵਿੱਚ ਸੋਧ ਕਰਾਂਗੇ; ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਵਾਲੇ ਕਿਸੇ ਵੀ ਸ਼ਖ਼ਸ ਨੂੰ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਜ਼ਾ ਹੋਵੇਗੀ: ਭਗਵੰਤ ਸਿੰਘ ਮਾਨ

ਫਤਿਹਗੜ੍ਹ ਸਾਹਿਬ, 28 ਮਾਰਚ (ਨਰਿੰਦਰ ਸਿੰਘ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਥੇ ਪਿਛਲੀਆਂ 'ਬੇਅਦਬੀ' ਦੀਆਂ ਘਟਨਾਵਾਂ ਨੂੰ ਲੈ ਕੇ ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕਾਨੂੰਨਾਂ ਨੂੰ ਸਖ਼ਤ ਬਣਾ ਕੇ ਅਤੇ ਸਖ਼ਤ ਸਜ਼ਾਵਾਂ ਲਾਗੂ ਕਰਕੇ ਇਸ ਸਬੰਧੀ ਇਨਸਾਫ਼ ਯਕੀਨੀ ਬਣਾਉਣ ਲਈ ਫੈਸਲਾਕੁੰਨ ਕਦਮ ਚੁੱਕ ਰਹੀ ਹੈ। ਫਤਹਿਗੜ੍ਹ ਸਾਹਿਬ ਵਿੱਚ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਵੱਡੇ-ਵੱਡੇ ਦਾਅਵੇ ਕਰਦਾ ਹੈ ਕਿ ਸਭ ਕੁਝ ਉਨ੍ਹਾਂ ਦਾ ਬਣਾਇਆ ਹੋਇਆ ਹੈ, ਪਰ ਉਹ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਥਾਵਾਂ 'ਤੇ ਅੱਖਾਂ ਬੰਦ ਕਰ ਲੈਂਦੇ ਹਨ, ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਹੋਈ ਸੀ ਅਤੇ ਨਿਰਦੋਸ਼ ਲੋਕ ਮਾਰੇ ਗਏ ਸਨ, ਜੋ ਸਭ ਅਕਾਲੀਆਂ ਦੇ ਕਾਰਜਕਾਲ ਦੌਰਾਨ ਹੋਇਆ। ਉਨ੍ਹਾਂ ਅੱਗੇ ਕਿਹਾ ਕਿ ਅਕਾਲੀ ਸ਼ਾਇਦ ਇਨ੍ਹਾਂ 'ਬੇਅਦਬੀ' ਦੀਆਂ ਘਟਨਾਵਾਂ ਨੂੰ ਭੁੱਲ ਗਏ ਹਨ ਅਤੇ ਮੰਨਦੇ ਹਨ ਕਿ ਲੋਕ ਵੀ ਸਭ ਭੁੱਲ ਜਾਣਗੇ, ਪਰ ਲੋਕ ਕੁਝ ਵੀ ਭੁੱਲਣ ਵਾਲੇ ਨਹੀਂ ਕਿ ਇਨ੍ਹਾਂ ਘਟਨਾਵਾਂ ਵਿੱਚ ਉਨ੍ਹਾਂ ਦਾ ਹੀ ਪਰਿਵਾਰ ਸ਼ਾਮਲ ਸੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਸੀਂ ਸਭ ਠੀਕ ਕਰਾਂਗੇ ਅਤੇ ਇਸ ਸਬੰਧੀ ਕਾਨੂੰਨ ਨੂੰ ਸਖ਼ਤ ਕਰਨ ਲਈ ਅਸੀਂ ਆਹਲਾ ਦਰਜੇ ਦੇ ਕਾਨੂੰਨੀ ਮਾਹਿਰਾਂ ਨਾਲ ਸਲਾਹ ਕਰ ਰਹੇ ਹਾਂ। ਵਿਸਾਖੀ ਮੌਕੇ ਅਸੀਂ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ, 2008 ਵਿਚ ਸੋਧ ਕਰਨ ਲਈ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਬੁਲਾਇਆ ਹੈ।ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਬੇਅਦਬੀ ਕਰਨ ਵਾਲੇ ਕਿਸੇ ਵੀ ਸ਼ਖ਼ਸ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਾ ਸਾਹਮਣਾ ਕਰਨਾ ਪਵੇਗਾ, ਜਿਸ ਲਈ ਘੱਟੋ-ਘੱਟ 10 ਸਾਲ ਅਤੇ ਉਮਰ ਕੈਦ ਤੱਕ ਦੀ ਸਜ਼ਾ ਦਾ ਪ੍ਰਬੰਧ ਕੀਤਾ ਜਾਵੇਗਾ। ਇਸ ਨਾਲ ਕੋਈ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਨਿਰਾਦਰ ਕਰਨ ਦੀ ਹਿੰਮਤ ਨਹੀਂ ਕਰ ਸਕੇਗਾ। ਅਸੀਂ ਸੰਤ ਸਮਾਜ ਨਾਲ ਵੀ ਸਲਾਹ-ਮਸ਼ਵਰਾ ਕਰ ਰਹੇ ਹਾਂ। ਇਹ ਕੁਝ ਅਜਿਹਾ ਹੈ, ਜੋ ਸਿਰਫ਼ ਅਸੀਂ ਹੀ ਕਰ ਸਕਦੇ ਹਾਂ ਅਤੇ ਕਰ ਰਹੇ ਹਾਂ, ਕਿਉਂਕਿ ਲੋਕ ਕਿਸੇ ਹੋਰ ਸਰਕਾਰ ਤੋਂ ਹੁਣ ਕੋਈ ਉਮੀਦ ਵੀ ਨਹੀਂ ਰੱਖਦੇ।

ਫ਼ਰੀਦਕੋਟ ਪੰਜਾਬ ਵਿੱਚ ਨਸ਼ਿਆਂ ਖ਼ਿਲਾਫ਼ ਕਾਰਵਾਈ ਕਰਨ ਨਾਲ ਮੂਹਰਲੇ ਜ਼ਿਲ੍ਹਿਆਂ ਵਿੱਚ ਹੋਇਆ ਸ਼ਾਮਲ

ਚੰਡੀਗੜ੍ਹ/ਫਰੀਦਕੋਟ, 28 ਮਾਰਚ ਭਗਵੰਤ ਮਾਨ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਹੇਠ ਨਸ਼ਿਆਂ ਖ ?ਲਾਫ਼ ਜ਼ੋਰਦਾਰ ਕਾਰਵਾਈ ਵਿੱਚ ਫਰੀਦਕੋਟ ਇੱਕ ਮਿਸਾਲ ਵਜੋਂ ਸਾਹਮਣੇ ਆਇਆ ਹੈ। ਜ਼ਿਲ੍ਹੇ ਵਿੱਚ ਕੁੱਲ ਅਪਰਾਧਾਂ ਵਿੱਚ 37% ਦੀ ਕਮੀ ਆਈ ਹੈ ਅਤੇ ;ਲੁੱਟਾਂ ਖੋਹਾਂ ਦੇ ਮਾਮਲਿਆਂ ਵਿੱਚ 97% ਦੀ ਬਰਾਮਦਗੀ ਦਰਜ ਕੀਤੀ ਗਈ ਹੈ, ਜੋ ਕਿ ਚੱਲ ਰਹੀ 'ਯੁੱਧ ਨਸ਼ਿਆ ਂ ਵਿਰੁੱਧ' ਅਤੇ 'ਓਪਰੇਸ਼ਨ ਪ੍ਰਹਾਰ' ਮੁਹਿੰਮਾਂ ਦੇ ਪ੍ਰਭਾਵ ਨੂੰ ਦਰਸਾਉਂਦਾ ਹੈ।ਇਹ ਬਦਲਾਅ ਸਖ਼ਤ ਕਾਰਵਾਈ, ਤਕਨਾਲੋਜੀ ਆਧਾਰਿਤ ਨਿਗਰਾਨੀ ਅਤੇ ਭਾਈਚਾਰਕ ਸ

ਹਰਿਆਣਾ ਗੁਰਦੁਆਰਾ ਕਮੇਟੀ ਦੇ ਬਜਟ ਸਬੰਧੀ ਜੁਡੀਸ਼ੀਅਲ ਕਮਿਸ਼ਨਰ ਨੇ ਸੁਣਾਇਆ ਅਹਿਮ ਫੈਸਲਾ

ਨਿਯਮਾਂ ਦੀ ਅਣਦੇਖੀ ਕੀਤੇ ਜਾਣ ਕਾਰਨ 104 ਕਰੋੜ ਰੁ. ਦੇ ਬਜਟ ਨੂੰ ਰੱਦ ਕਰਨ ਦੇ ਦਿੱਤੇ ਹੁਕਮ

ਪੰਚਕੂਲਾ, 28 ਮਾਰਚ (ਚ. ਨ. ਸ.): ਹਰਿਆਣਾ ਸਿੱਖ/ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ/ਜੀ.ਐਮ. ਸੀ.) ਦੇ ਬਜਟ ਨੂੰ ਲੈ ਕੇ ਪੰਚਕੂਲਾ ਵਿਖੇ ਜੁਡੀਸ਼ੀਅਲ ਕਮਿਸ਼ਨਰ ਵਲੋਂ ਅਹਿਮ ਫ਼ੈਸਲਾ ਸੁਣਾਇਆ ਗਿਆ। ਆਪਣੇ ਹੁਕਮਾਂ 'ਚ ਜੁਡੀਸ਼ੀਅਲ ਕਮਿਸ਼ਨਰ ਨੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਵਲੋਂ ਪੇਸ਼ ਕੀਤੇ ਗਏ 104 ਕਰੋੜ ਰੁ. ਦੇ ਬਜਟ ਦੌਰਾਨ ਨਿਯਮਾਂ ਦੀ ਅਣਦੇਖੀ ਕੀਤੇ ਜਾਣ ਕਾਰਨ ਇਸ ਬਜਟ ਨੂੰ ਰੱਦ ਕਰਨ ਦੇ ਸੈਕਟਰ-1 ਸਥਿਤ ਜ਼ਿਲ੍ਹਾ ਸਕੱਤਰੇਤ ਵਿਖੇ ਹੁਕਮ ਸੁਣਾਏ। ਇਸ ਸਬੰਧ 'ਚ ਪੰਚਕੂਲਾ ਦੇ ਜੁਡੀਸ਼ੀਅਲ ਕਮਿਸ਼ਨਰ ਨੇ ਕਿਹਾ ਕਿ ਪਹਿਲਾਂ ਪੁਰਾਣੇ ਬਜਟ ਨੂੰ ਕਲੀਅਰ ਕੀਤਾ ਜਾਵੇ ਅਤੇ ਉਸ ਤੋਂ ਬਾਅਦ ਹੀ ਨਵਾਂ ਬਜਟ ਨਿਯਮਾਂ ਅਨੁਸਾਰ ਪੇਸ਼ ਕੀਤਾ ਜਾਵੇ। ਮਾਮਲੇ ਦੀ ਸੁਣਵਾਈ ਜੁਡੀਸ਼ੀਅਲ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਕੋਰਮ ਪੂਰਾ ਨਾ ਹੋਣ ਕਾਰਨ ਇਹ ਬਜਟ ਮੰਨਣਯੋਗ ਨਹੀਂ ਹੈ। ਮਾਮਲੇ ਦੀ ਸੁਣਵਾਈ ਉਪਰੰਤ ਹਰਿਆਣਾ ਐਸ. ਜੀ. ਐਮ. ਸੀ. ਦੇ ਸਾਬਕਾ ਪ੍ਰਧਾਨ ਬਲਜੀਤ ਸਿੰਘ ਦਾਦੂਵਾਲ ਨੇ ਕਿਹਾ ਕਿ ਜੁਡੀਸ਼ੀਅਲ ਕਮਿਸ਼ਨਰ ਦਾ ਇਹ ਫ਼ੈਸਲਾ ਹਰਿਆਣਾ ਦੀ ਸਿੱਖ ਸੰਗਤ ਦੀ ਜਿੱਤ ਹੈ। ਉਨ੍ਹਾਂ ਕਿਹਾ ਕਿ ਕੋਰਮ ਪੂਰਾ ਨਾ ਹੋਣ ਦੇ ਬਾਵਜੂਦ ਬਜਟ ਪਾਸ ਕੀਤਾ ਗਿਆ ਸੀ, ਜਿਸ 'ਤੇ ਅਸੀਂ ਇਤਰਾਜ ਜਤਾਇਆ ਸੀ। ਉਨ੍ਹਾਂ ਇਹ ਵੀ ਕਿਹਾ ਕਿ ਕਮਿਸ਼ਨਰ ਨੇ ਸਪੱਸ਼ਟ ਕੀਤਾ ਹੈ ਕਿ ਪਹਿਲਾਂ ਪੁਰਾਣੇ ਬਜਟ ਨੂੰ ਕਲੀਅਰ ਕਰਨ ਤੋਂ ਬਾਅਦ ਹ ਹੀ ਨਵਾਂ ਬਜਟ ਪੇਸ਼ ਕੀਤਾ ਜਾਵੇ। ਇਸ ਤੋਂ ਇਲਾਵਾ ਹਰਿਆਣਾ ਐਸ. ਜੀ. ਐਮ. ਸੀ. ਤੇ ਦੇ ਚੀਫ਼ ਸਕੱਤਰ ਤੇ ਪ੍ਰਧਾਨ ਨੂੰ ਬਜਟ ਸਬੰਧੀ ਦੇ ਸਾਰੇ ਨਿਯਮਾਂ ਦੀ ਪਾਲਣਾ ਕਰਨ ਦੇ ਹੁਕਮ 7 ਦਿੱਤੇ ਗਏ ਹਨ। ਜ਼ਿਰਕਯੋਗ ਹੈ ਕਿ 3 ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਤ ਕਮੇਟੀ ਦੇ ਬਜਟ ਤੇ ਵਿੱਤੀ ਬੇਤਰਤੀਬੀਆਂ ਨੂੰ ਲੈ ਕੇ ਕਮੇਟੀ ਦੇ ਸੀਨੀਅਰ ਉਪ ਪ੍ਰਧਾਨ ਗੁਰਮੀਤ ਸਿੰਘ ਵਲੋਂ ਹਰਿਆਣਾ ਸਿੱਖ ਗੁਰਦੁਆਰਾ ਨਿਆਂਇਕ ਕਮਿਸ਼ਨ 'ਚ ਅਰਜ਼ੀ ਦਾਇਰ ਕੀਤੀ ਗਈ ਸੀ।

ਪੰਜਾਬ ਦੇ ਅਫਸਰਾਂ ਨਾਲ ਹੋ ਰਹੀ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਐਡਵੋਕੇਟ ਸੁੱਖੀ

ਅਮਲੋਹ, 28 ਮਾਰਚ (ਜਸਵੰਤ ਸਿੰਘ): ਵੇਅਰ ਹਾਊਸ ਦੇ ਜ਼ਿਲ੍ਹਾ ਮੈਨੇਜਰ (ਡੀ ਐਮ) ਗਗਨਦੀਪ ਸਿੰਘ ਰੰਧਾਵਾ ਖ਼ੁਦਕੁਸ਼ੀ ਮਾਮਲਾ ਬਹੁਤ

ਹੀ ਦੁਖਦਾਈ ਹੈ ਅਤੇ ਨਿੰਦਣਯੋਗ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਯੂਥ ਵਿੰਗ ਦੇ ਕੌਮੀ ਕਾਰਜਕਾਰਨੀ ਦੇ ਮੈਂਬਰ ਅਤੇ ਕੇਰਲ ਵਿਧਾਨ ਸਭਾ ਚੋਣਾਂ ਵਿੱਚ ਸਹਾਇਕ ਇੰਚਾਰਜ ਐਡਵੋਕੇਟ ਸੁਖਵਿੰਦਰ ਸਿੰਘ ਸੁੱਖੀ ਨੇ ਇਸ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ ਕਰਦੇ ਹੋਇਆਂ ਗੱਲਬਾਤ ਦੌਰਾਨ ਕੀਤਾ। ਐਡਵੋਕੇਟ ਸੁੱਖੀ ਨੇ ਕਿਹਾ ਕਿ ਮਾਮਲਾ ਇਕ ਪੰਜਾਬ ਸਰਕਾਰ ਦੇ ਹਾਲ ਵਿਚ ਹੀ ਸਾਬਕਾ ਹੋਏ ਮੰਤਰੀ ਨਾਲ ਸਬੰਧਤ ਹੈ ਅਤੇ ਇਸ ਵਿੱਚ ਨਿਰਪੱਖ ਜਾਂਚ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਅਫਸਰਸ਼ਾਹੀ ਨਾਲ ਹੋ ਰਹੀ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਾਤਰੀ ਫੇਰੀਆਂ ਦੀ ਜੈਕਾਰਿਆਂ ਦੀ ਗੂੰਜ ਨਾਲ ਹੋਈ ਆਰੰਭਤਾ

8 ਅਪ੍ਰੈਲ ਤੱਕ ਜਾਰੀ ਰਹਿਣਗੀਆਂ ਰਾਤਰੀ ਫੇਰੀਆਂ : ਅਰੋੜਾ, ਬਿੱਲਾ

ਸ੍ਰੀ ਅਨੰਦਪੁਰ ਸਾਹਿਬ, 28 ਮਾਰਚ (ਤਰਲੋਚਨ ਸਿੰਘ) : ਹਿੰਦ ਦੀ ਚਾਦਰ ਤਿਲਕ ਜੰਞੂ ਦੇ ਰਾਖੇ ਧੰਨ-ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰੂ ਨਗਰੀ ਵਿਖੇ ਸਜਾਈਆਂ ਜਾਣ ਵਾਲੀਆਂ ਰਾਤਰੀ ਫੇਰੀਆਂ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਅਰਦਾਸ ਕਰਨ ਉਪਰੰਤ 'ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ' ਦੇ ਜੈਕਾਰਿਆਂ ਨਾਲ ਸ਼ੁਰੂ ਹੋ ਗਈਆਂ। ਪਹਿਲੀ ਰਾਤਰੀ ਫੇਰੀ ਦੀ ਆਰੰਭਤਾ ਦੀ ਅਰਦਾਸ ਗਿਆਨੀ ਜੋਗਿੰਦਰ ਸਿੰਘ ਮੁੱਖ ਗ੍ਰੰਥੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵੱਲੋਂ ਕੀਤੀ ਗਈ। ਇਸ ਮੌਕੇ ਗਿਆਨੀ ਜੋਗਿੰਦਰ ਸਿੰਘ ਮੁੱਖ ਗ੍ਰੰਥੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੇ ਵਾਸੀ ਵਡਭਾਗੇ ਹਨ ਜਿਨਾ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਵੱਲੋਂ ਵਰੋਸਾਈ ਅਤੇ ਖਾਲਸੇ ਦੀ ਜਨਮ ਭੂਮੀ ਅਨੰਦਾਂ ਦੀ ਪੂਰੀ ਵਿਖੇ ਆਪਣਾ ਜੀਵਨ ਬਤੀਤ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕਿ ਉਹ ਰਾਤਰੀ ਫੇਰੀਆਂ 'ਚ ਵੱਧ ਤੋਂ ਵੱਧ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਬਖਸ਼ਿਸ਼ਾਂ ਪ੍ਰਾਪਤ ਕਰਨ। ਇਸ ਮੌਕੇ ਰਾਤਰੀ ਫੇਰੀਆਂ ਦੇ ਪ੍ਰਬੰਧਕ ਵਪਾਰ ਮੰਡਲ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ ਅਤੇ ਜਸਵਿੰਦਰਪਾਲ ਸਿੰਘ ਬਿੱਲਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਰਾਤਰੀ ਫੇਰੀਆਂ ਸਜਾਈਆਂ ਜਾ ਰਹੀਆਂ ਹਨ, ਜੋ 8 ਅਪ੍ਰੈਲ ਨੂੰ ਸਮਾਪਤ ਹੋਣਗੀਆਂ। ਪਹਿਲੀ ਰਾਤਰੀ ਫੇਰੀ ਮੋਨ ਬਾਜ਼ਾਰ, ਇੰਦਰਜੀਤ ਸਿੰਘ ਅਰੋੜਾ ਰਿਹਾਇਸ਼, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸਰੋਵਰ ਵਾਲੀ ਮਾਰਕੀਟ, ਇਕਬਾਲ ਸਿੰਘ ਰਿਹਾਇਸ਼, ਗੁ:ਭੋਰਾ ਸਾਹਿਬ ਤੋਂ ਹੁੰਦੀ ਹੋਈ ਵਾਪਿਸ ਗੁ:ਸੀਸ ਗੰਜ ਸਾਹਿਬ ਵਿਖੇ ਸਮਾਪਤ ਹੋਈ। ਉਪਰੰਤ ਸੰਗਤਾਂ ਲਈ ਗੁਰੂ ਕਾ ਲੰਗਰ ਵਰਤਾਇਆ ਗਿਆ। ਇਸ ਮੌਕੇ ਭੂਪਿੰਦਰਪਾਲ ਸਿੰਘ ਪੱਪੂ ਤਲਵਾੜ, ਲੈਫ. ਗੁਰਚਰਨ ਸਿੰਘ ਅਰੋੜਾ, ਰਾਮ ਪ੍ਰਾਸ਼ਰ ਬਿੱਲਾ, ਜਸਵਿੰਦਰ ਸਿੰਘ, ਮਨਦੀਪ ਸਿੰਘ, ਜਸਵਿੰਦਰ ਸਿੰਘ, ਜਗਦੇਵ ਸਿੰਘ ਦਿਲਬਰ, ਹਰਦੀਪ ਸਿੰਘ, ਸੰਦੀਪ ਕੌਰ, ਰਮਨਦੀਪ ਕੌਰ, ਗੁਰਦੀਪ ਕੌਰ, ਬਨਦੀਪ ਕੌਰ, ਮਨਜੀਤ ਕੌਰ, ਸਿਮਰਨ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਸ਼ਾਮਲ ਸਨ।

ਜ਼ੋਜੀਲਾ ਪਾਸ 'ਤੇ ਭਿਆਨਕ ਬਰਫ਼ਾਨੀ ਤੂਫ਼ਾਨ ਕਾਰਨ 7 ਮੌਤਾਂ ਤੇ 9 ਜ਼ਖ਼ਮੀ, ਕਈ ਵਾਹਨ ਬਰਫ਼ ਹੇਠ ਦਬੇ

ਸ੍ਰੀਨਗਰ/ਕਾਰਗਿਲ, 28 ਮਾਰਚ (ਚ. ਨ. ਸ.): ਜੰਮੂ-ਕਸ਼ਮੀਰ ਅਤੇ ਲਦਾਖ ਨੂੰ ਜੋੜਨ ਵਾਲੇ ਰਣਨੀਤਿਕ ਤੌਰ 'ਤੇ ਅਹਿਮ ਸ੍ਰੀਨਗਰ-ਲੇਹ ਰਾਸ਼ਟਰੀ ਰਾਜਮਾਰਗ 'ਤੇ ਸਥਿਤ ਜ਼ੋਜੀਲਾ ਪਾਸ 'ਤੇ ਸ਼ੁੱਕਰਵਾਰ ਨੂੰ ਇਕ ਭਿਆਨਕ ਬਰਫ਼ਾਨੀ ਤੂਫ਼ਾਨ (ਐਵਲਾਂਚ) ਨੇ ਭਾਰੀ ਤਬਾਹੀ ਮਚਾਈ। ਇਸ ਕੁਦਰਤੀ ਆਫ਼ਤ ਕਾਰਨ ਘੱਟੋ-ਘੱਟ 7 ਵਿਅਕਤੀਆਂ ਦੀ ਮੌਤ ਹੋ ਗਈ ਹੈ, ਜਦੋਂ ਕਿ 9 ਹੋਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਹਨ। ਦੱਸਿਆ ਜਾ ਰਿਹਾ ਹੈ ਕਿ ਤੂਫ਼ਾਨ ਇੰਨਾ ਜ਼ਬਰਦਸਤ ਸੀ ਕਿ ਸੜਕ 'ਤੇ ਚੱਲ ਰਹੇ ਕਈ ਵਾਹਨ ਬਰਫ਼ ਦੇ ਤੋਦਿਆਂ ਹੇਠ ਦਬ ਗਏ, ਜਿਸ ਕਾਰਨ ਅੰਦਰ ਸਵਾਰ ਮੁਸਾਫ਼ਰਾਂ ਨੂੰ ਬਾਹਰ ਨਿਕਲਣ ਦਾ ਮੌਕਾ ਤੱਕ ਨਹੀਂ ਮਿਲਿਆ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਘਟਨਾ ਸ਼ੁੱਕਰਵਾਰ ਦੁਪਹਿਰ ਕਰੀਬ 11:30 ਵਜੇ ਜ਼ੋਜੀਲਾ ਧੁਰੇ 'ਤੇ ਵਾਪਰੀ। ਹਾਲ ਹੀ ਵਿੱਚ ਬਰਫ਼ਬਾਰੀ ਤੋਂ ਬਾਅਦ ਸੜਕ ਨੂੰ ਆਵਾਜਾਈ ਲਈ ਦੁਬਾਰਾ ਖੋਲ੍ਹਿਆ ਗਿਆ ਸੀ ਅਤੇ ਸ੍ਰੀਨਗਰ ਤੋਂ ਕਾਰਗਿਲ ਵੱਲ ਵਾਹਨਾਂ ਦਾ ਕਾਫ਼ਲਾ ਜਾ ਰਿਹਾ ਸੀ। ਇਸੇ ਦੌਰਾਨ ਅਚਾਨਕ ਪਹਾੜ ਤੋਂ ਬਰਫ਼ ਦਾ ਵੱਡਾ ਤੋਦਾ ਹੇਠਾਂ ਆ ਡਿੱਗਿਆ। ਘਟਨਾ ਦੇ ਚਸ਼ਮਦੀਦ ਅਤੇ ਸਬਜ਼ੀਆਂ ਦੀ ਸਪਲਾਈ ਕਰਨ ਵਾਲੇ ਡਰਾਈਵਰ ਇਰਫਾਨ ਅਹਿਮਦ ਨੇ ਦੱਸਿਆ ਕਿ ਇਹ ਸਭ ਇੰਨੀ ਤੇਜ਼ੀ ਨਾਲ ਹੋਇਆ ਕਿ ਕਿਸੇ ਨੂੰ ਕੁਝ ਸਮਝ ਨਹੀਂ ਆਇਆ। ਉਸ ਨੇ ਦੱਸਿਆ ਕਿ ਉਸ ਦੀ ਗੱਡੀ ਵੀ ਇਸ ਦੀ ਲਪੇਟ ਵਿੱਚ ਆ ਗਈ ਸੀ ਪਰ ਉਹ ਕਿਸਮਤ ਨਾਲ ਬਚ ਗਿਆ। ਇਰਫਾਨ ਮੁਤਾਬਕ ਇਲਾਕੇ ਵਿੱਚ ਮੋਬਾਈਲ ਨੈੱਟਵਰਕ ਨਾ ਹੋਣ ਕਾਰਨ ਤੁਰੰਤ ਮਦਦ ਮੰਗਣ ਵਿੱਚ ਵੀ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ। ਦਰਾਸ ਦੇ ਸਬ-ਡਵੀਜ਼ਨਲ ਮੈਜਿਸਟ੍ਰੇਟ ਵਿਸ਼ਾਲ ਅੱਤਰੀ ਨੇ ਮੌਤਾਂ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਹੁਣ ਤੱਕ ਪੰਜ ਲਾਸ਼ਾਂ ਬਰਾਮਦ ਕੀਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚ ਦੋ ਔਰਤਾਂ ਅਤੇ ਇੱਕ ਬੱਚਾ ਸ਼ਾਮਲ ਹੈ। ਇਹ ਸਾਰੇ ਮ੍ਰਿਤਕ ਕਾਰਗਿਲ ਇਲਾਕੇ ਦੇ ਰਹਿਣ ਵਾਲੇ ਦੱਸੇ ਜਾ ਰਹੇ ਹਨ। ਪ੍ਰਸ਼ਾਸਨ ਵੱਲੋਂ ਬਾਕੀ ਫਸੇ ਹੋਏ ਲੋਕਾਂ ਦੀ ਭਾਲ ਲਈ ਵੱਡੇ ਪੱਧਰ 'ਤੇ ਬਚਾਅ ਮੁਹਿੰਮ ਚਲਾਈ ਜਾ ਰਹੀ ਹੈ। ਲਦਾਖ ਦੇ ਲੈਫਟੀਨੈਂਟ ਗਵਰਨਰ ਵਿਨੈ ਕੁਮਾਰ ਸਕਸੈਨਾ ਨੇ ਇਸ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ'(ਟਵਿੱਟਰ) ਰਾਹੀਂ ਦੱਸਿਆ ਕਿ ਉਨ੍ਹਾਂ ਨੇ ਕਾਰਗਿਲ ਦੇ ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ. ਨੂੰ ਤੁਰੰਤ ਮੌਕੇ 'ਤੇ ਪਹੁੰਚ ਕੇ ਰਾਹਤ ਕਾਰਜਾਂ ਦੀ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਆਫ਼ਤ ਪ੍ਰਬੰਧਨ ਟੀਮਾਂ ਅਤੇ ਬਾਰਡਰ ਰੋਡ ਆਰਗੇਨਾਈਜ਼ੇਸ਼ਨ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਹੈ ਅਤੇ ਉਹ ਖੁਦ ਸਥਿਤੀ 'ਤੇ ਨਜ਼ਰ ਰੱਖ ਰਹੇ ਹਨ।ਦੂਜੇ ਪਾਸੇ, ਲਦਾਖ ਦੇ ਸੰਸਦ ਮੈਂਬਰ ਮੁਹੰਮਦ ਹਨੀਫਾ ਜਾਨ ਨੇ ਇਸ ਹਾਦਸੇ ਨੂੰ ਸੁਰੱਖਿਆ ਪ੍ਰਬੰਧਾਂ ਵਿੱਚ ਵੱਡੀ ਕਮੀ ਦੱਸਿਆ ਹੈ। ਉਨ੍ਹਾਂ ਕਿਹਾ ਕਿ ਜ਼ੋਜੀਲਾ ਲਦਾਖ ਦੀ ਜੀਵਨ ਰੇਖਾ ਹੈ, ਪਰ ਵਾਰ-ਵਾਰ ਵਾਪਰ ਰਹੀਆਂ ਅਜਿਹੀਆਂ ਘਟਨਾਵਾਂ ਪ੍ਰਸ਼ਾਸਨ ਦੀ ਤਿਆਰੀ 'ਤੇ ਸਵਾਲ ਖੜ੍ਹੇ ਕਰਦੀਆਂ ਹਨ। ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਵੀ ਜਾਨੀ ਨੁਕਸਾਨ 'ਤੇ ਦੁੱਖ ਜ਼ਾਹਿਰ ਕਰਦਿਆਂ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟਾਈ ਹੈ। ਵਰਤਮਾਨ ਵਿੱਚ, ਸ੍ਰੀਨਗਰ-ਲੇਹ ਹਾਈਵੇਅ ਨੂੰ ਆਵਾਜਾਈ ਲਈ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਗਿਆ ਹੈ। ਬਚਾਅ ਟੀਮਾਂ, ਜਿਨ੍ਹਾਂ ਵਿੱਚ ਪੁਲਿਸ, ਫੌਜ ਅਤੇ ਸਥਾਨਕ ਵਲੰਟੀਅਰ ਸ਼ਾਮਲ ਹਨ.

'ਈਰਾਨ ਕਦੇ ਵੀ ਪ੍ਰਮਾਣੂ ਹਥਿਆਰ ਨਹੀਂ ਬਣਾਏਗਾ, ਜੰਗ ਰੋਕਣ ਲਈ ਭਾਰਤ ਨਿਭਾਅ ਸਕਦੈ ਅਹਿਮ ਭੂਮਿਕਾ'

ਨਵੀਂ ਦਿੱਲੀ, 28 ਮਾਰਚ (ਚ. ਨ. ਸ.): ਪੱਛਮੀ ਏਸ਼ੀਆ ਵਿੱਚ ਵਧਦੇ ਤਣਾਅ ਅਤੇ ਜੰਗੀ ਹਾਲਾਤਾਂ ਦਰਮਿਆਨ ਭਾਰਤ ਵਿੱਚ ਈਰਾਨ ਦੇ ਸੁਪਰੀਮ ਲੀਡਰ ਦੇ ਨੁਮਾਇੰਦੇ ਅਬਦੁਲ ਮਜੀਦ ਹਕੀਮ ਇਲਾਹੀ ਨੇ ਇੱਕ ਵੱਡਾ ਬਿਆਨ ਦਿੱਤਾ ਹੈ। ਉਨ੍ਹਾਂ ਸਪੱਸ਼ਟ ਕੀਤਾ ਹੈ ਕਿ ਈਰਾਨ ਦੀ ਪ੍ਰਮਾਣੂ ਨੀਤੀ ਵਿੱਚ ਪ੍ਰਮਾਣੂ ਹਥਿਆਰਾਂ ਲਈ ਕੋਈ ਥਾਂ ਨਹੀਂ ਹੈ ਅਤੇ ਈਰਾਨ ਕਦੇ ਵੀ ਅਜਿਹੇ ਹਥਿਆਰ ਨਹੀਂ ਬਣਾਏਗਾ। ਇੱਕ ਵਿਸ਼ੇਸ਼ ਇੰਟਰਵਿਊ ਦੌਰਾਨ ਇਲਾਹੀ ਨੇ ਕਿਹਾ ਕਿ ਈਰਾਨ ਦੇ ਮਰਹੂਮ ਸੁਪਰੀਮ ਲੀਡਰ ਅਲੀ ਖਾਮੇਨੇਈ ਨੇ ਪ੍ਰਮਾਣੂ ਹਥਿਆਰਾਂ ਨੂੰ 'ਹਰਾਮ' ਕਰਾਰ ਦਿੱਤਾ ਸੀ ਅਤੇ ਈਰਾਨ ਅੱਜ ਵੀ ਉਸੇ ਫਤਵੇ 'ਤੇ ਕਾਇਮ ਹੈ। ਉਨ੍ਹਾਂ ਕਿਹਾ ਕਿ ਜੇਕਰ ਈਰਾਨ ਚਾਹੁੰਦਾ ਤਾਂ ਉਸ ਨੂੰ ਕੋਈ ਵੀ ਰੋਕ ਨਹੀਂ ਸੀ ਸਕਦਾ, ਪਰ ਈਰਾਨ ਦੀ ਨੀਅਤ ਹਮੇਸ਼ਾ ਸ਼ਾਂਤੀਪੂਰਨ ਰਹੀ ਹੈ। ਇਲਾਹੀ ਨੇ ਇਸ ਸੰਕਟ ਨੂੰ ਖਤਮ ਕਰਨ ਲਈ ਭਾਰਤ ਦੀ ਭੂਮਿਕਾ ਦੀ ਪੁਰਜ਼ੋਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਭਾਰਤ ਇੱਕ ਅਜਿਹਾ ਦੇਸ਼ ਹੈ ਜੋ ਇਸ ਜੰਗ ਨੂੰ ਖਤਮ ਕਰਨ ਲਈ ਗੱਲਬਾਤ ਦਾ ਰਸਤਾ ਸਾਫ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਈਰਾਨੀ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਵਿਚਕਾਰ ਹੋਈ ਗੱਲਬਾਤ ਬਹੁਤ ਸਾਰਥਕ ਰਹੀ ਹੈ ਅਤੇ ਭਾਰਤ ਦੇ ਵਿਦੇਸ਼ ਮੰਤਰੀ ਵੀ ਲਗਾਤਾਰ ਸੰਪਰਕ ਵਿੱਚ ਹਨ। ਦੂਜੇ ਪਾਸੇ, ਉਨ੍ਹਾਂ ਨੇ ਪਾਕਿਸਤਾਨ ਵੱਲੋਂ ਮੱਧਸਥਤਾ ਕਰਨ ਦੀਆਂ ਰਿਪੋਰਟਾਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਇਨ੍ਹਾਂ ਨੂੰ ਮਹਿਜ਼ 'ਮੀਡੀਆ ਬਜ਼' (ਅਫਵਾਹ) ਕਰਾਰ ਦਿੱਤਾ। ਉਨ੍ਹਾਂ ਸਪੱਸ਼ਟ ਕੀਤਾ ਕਿ ਪਾਕਿਸਤਾਨ ਨਾਲ ਅਜਿਹੀ ਕੋਈ ਗੱਲਬਾਤ ਨਹੀਂ ਹੋ ਰਹੀ।

ਈਰਾਨ ਦੇ ਨਵੇਂ ਸੁਪਰੀਮ ਲੀਡਰ ਮੋਜਤਬਾ ਖਾਮੇਨੇਈ ਬਾਰੇ ਗੱਲ ਕਰਦਿਆਂ ਇਲਾਹੀ ਨੇ ਕਿਹਾ ਕਿ ਉਹ ਪਿਛਲੇ ਤਿੰਨ ਦਹਾਕਿਆਂ ਤੋਂ ਉਨ੍ਹਾਂ ਦੇ ਕਰੀਬੀ ਦੋਸਤ ਹਨ। ਉਨ੍ਹਾਂ ਮੋਜਤਬਾ ਨੂੰ ਇੱਕ ਬੇਹੱਦ ਸਾਦਾ ਅਤੇ ਬੁੱਧੀਜੀਵੀ ਇਨਸਾਨ ਦੱਸਿਆ। ਇਲਾਹੀ ਨੇ ਦੱਸਿਆ ਕਿ ਮੋਜਤਬਾ ਖਾਮੇਨੇਈ ਕੋਲ ਆਪਣੀ ਕੋਈ ਕਾਰ ਨਹੀਂ ਹੈ ਅਤੇ ਨਾ ਹੀ ਕੋਈ ਬੈਂਕ ਖਾਤਾ। ਉਹ ਅੱਜ ਵੀ ਕਿਰਾਏ ਦੇ ਮਕਾਨ ਵਿੱਚ ਰਹਿੰਦੇ ਹਨ ਅਤੇ ਕਈ ਵਾਰ ਦੁੱਧ ਜਾਂ ਰੋਟੀ ਖਰੀਦਣ ਲਈ ਵੀ ਉਨ੍ਹਾਂ ਨੂੰ ਪੈਸੇ ਉਧਾਰ ਲੈਣੇ ਪੈਂਦੇ

ਮਾਨ ਸਰਕਾਰ ਦੇ ਚਾਰ ਸਾਲਾਂ 'ਚ ਹੋਇਆ ਵਿਕਾਸ ਪਿਛਲੇ 70 ਸਾਲਾਂ ਦੀਆਂ ਪ੍ਰਾਪਤੀਆਂ ਤੋਂ ਕਿਤੇ ਵੱਧ : ਨੀਨਾ ਮਿੱਤਲ

ਰਾਜਪੁਰਾ, 28 ਮਾਰਚ (ਸੰਜੀਵ ਕੁਮਾਰ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਿਧਾਇਕਾ ਮੈਡਮ ਨੀਨਾ ਮਿੱਤਲ ਵੱਲੋਂ ਰਾਜਪੁਰਾ ਨਗਰ ਕੌਂਸਲ ਦੇ ਵਾਰਡ ਨੰਬਰ 15 ਵਿਚ ਰਮਨ ਟਿਵਾਣਾ ਵਾਰਡ ਇੰਚਾਰਜ ਆਮ ਆਦਮੀ ਪਾਰਟੀ ਰਾਜਪੁਰਾ ਨੇ ਗੁਰਸ਼ਰਨ ਸਿੰਘ ਵਿੱਰਕ ਵਾਰਡ ਇੰਚਾਰਜ ਦੇ ਸਹਿਯੋਗ ਨਾਲ ਪਬਲਿਕ ਮੀਟਿੰਗ ਸੱਦੀ ਗਈ। ਇਸ ਮੌਕੇ ਵਿਧਾਇਕਾ ਮੈਡਮ ਨੀਨਾ ਮਿੱਤਲ ਨੇ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਸਮਾਂਬੱਧ ਪੂਰਾ ਕੀਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਮੁਹਿੰਮ ਤਹਿਤ ਵਿਧਾਇਕ, ਚੇਅਰਮੈਨ, ਸਰਪੰਚ, ਪੰਚ, ਐਮ.ਸੀ. ਅਤੇ ਸਮੂਹ ਪਾਰਟੀ ਅਹੁਦੇਦਾਰ ਤੇ ਵਲੰਟੀਅਰ ਪੰਜਾਬ ਸਰਕਾਰ ਦਾ ਰਿਪੋਰਟ ਕਾਰਡ ਲੈ ਕੇ ਹਰ ਪਿੰਡ, ਹਰ ਗਲੀ ਅਤੇ ਘਰ-ਘਰ ਪਹੁੰਚਣਗੇ। ਵਿਧਾਇਕਾ ਨੀਨਾ ਮਿੱਤਲ ਨੇ ਕਿਹਾ ਮਾਨ ਸਰਕਾਰ ਨੇ ਪਬਲਿਕ ਨੂੰ ਦਿੱਤੀਆ ਸਾਰੀਆਂ ਪੰਜ ਗਾਰੰਟੀਆਂ ਪੂਰੀਆਂ ਕੀਤੀਆਂ ਹਨ। ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਲਈ 1 ਕਰੋੜ ਰੁਪਏ ਅਤੇ ਹਰ ਘਰ ਨੂੰ 300 ਯੂਨਿਟ ਮੁਫਤ ਬਿਜਲੀ ਪਹਿਲੇ ਸਾਲ ਵਿੱਚ ਹੀ ਲਾਗੂ ਕਰ ਦਿੱਤੀ ਗਈ ਸੀ । ਇਸ ਬਜਟ ਵਿੱਚ ਔਰਤਾਂ ਲਈ 1,000 ਰੁਪਏ ਪ੍ਰਤੀ ਮਹੀਨਾ ਅਤੇ ਦਲਿਤ ਮਾਵਾਂ-ਭੈਣਾਂ ਲਈ 1,500 ਰੁਪਏ ਦਾ ਪ੍ਰਬੰਧ ਕੀਤਾ ਗਿਆ ਹੈ। ਇਨ੍ਹਾਂ ਚਾਰ ਸਾਲਾਂ ਵਿੱਚ ਹੋਇਆ ਕੰਮ ਪਿਛਲੇ 70 ਸਾਲਾਂ ਦੀਆਂ ਪ੍ਰਾਪਤੀਆਂ ਤੋਂ ਕਿਤੇ ਵੱਧ ਸਾਫ ਨਜ਼ਰ ਆਉਂਦਾ ਹੈ।ਇਸ ਮੌਕੇ ਵੱਡੀ ਗਿਣਤੀ ਵਿਚ ਵਾਰਡ ਨਿਵਾਸੀ ਮੌਜੂਦ ਸਨ।

ਕੈਨੇਡਾ ਵੱਲੋਂ ਨਵੇਂ ਕਾਨੂੰਨ ਨਾਲ ਅਸਾਇਲਮ ਨਿਯਮਾਂ 'ਚ ਸਖ਼ਤੀ, ਸਮਾਂ ਸੀਮਾ 'ਚ ਕੀਤੇ ਵੱਡੇ ਬਦਲਾਅ

ਚੰਡੀਗੜ੍ਹ, 28 ਮਾਰਚ (ਚ. ਨ. ਸ.): ਕੈਨੇਡਾ ਸਰਕਾਰ ਨੇ ਅਸਾਇਲਮ (ਸ਼ਰਨ) ਦੇ ਨਿਯਮਾਂ ਨੂੰ ਹੋਰ ਸਖ਼ਤ ਬਣਾਉਣ ਲਈ ਇੱਕ ਨਵਾਂ ਕਾਨੂੰਨ ਪਾਸ ਕੀਤਾ ਹੈ। 'ਬਿੱਲ ਸੀ-12' ਜਾਂ 'ਸਟਰੈਂਥਨਿੰਗ ਕੈਨੇਡਾ' ਇਮੀਗ੍ਰੇਸ਼ਨ ਸਿਸਟਮ ਐਂਡ ਬਾਰਡਰਜ਼ ਐਕਟ' ਨਾਮਕ ਇਸ ਕਾਨੂੰਨ ਨੂੰ 26 ਮਾਰਚ 2026 ਨੂੰ ਸ਼ਾਹੀ ਸਹਿਮਤੀ ਮਿਲੀ ਅਤੇ ਇਹ ਹੁਣ ਲਾਗੂ ਹੋ ਗਿਆ ਹੈ।

ਇਮੀਗ੍ਰੇਸ਼ਨ, ਰਿਫਿਊਜੀਜ਼ ਅਤੇ ਸਿਟੀਜ਼ਨਸ਼ਿਪ ਕੈਨੇਡਾ ਦੇ ਅਨੁਸਾਰ ਇਸ ਕਾਨੂੰਨ ਦੇ ਚਾਰ ਮੁੱਖ ਹਿੱਸੇ ਹਨ। ਇਹ ਨਵੇਂ ਨਿਯਮ ਜੋੜਦਾ ਹੈ ਕਿ ਕੌਣ ਅਸਾਇਲਮ ਦਾ ਦਾਅਵਾ ਕਰ ਸਕਦਾ ਹੈ, ਪ੍ਰਕਿਰਿਆ ਨੂੰ ਤੇਜ਼ ਅਤੇ ਸਰਲ ਬਣਾਉਂਦਾ ਹੈ, ਸਰਕਾਰੀ ਵਿਭਾਗਾਂ ਵਿਚਕਾਰ ਜਾਣਕਾਰੀ ਸਾਂਝੀ ਕਰਨ ਦੀ ਇਜਾਜ਼ਤ ਦਿੰਦਾ ਹੈ ਅਤੇ ਸਰਕਾਰ ਨੂੰ ਇਮੀਗ੍ਰੇਸ਼ਨ ਦਸਤਾਵੇਜ਼ਾਂ ਤੇ ਅਰਜ਼ੀਆਂ 'ਤੇ ਵਧੇਰੇ ਸ਼ਕਤੀ ਪ੍ਰਦਾਨ ਕਰਦਾ ਹੈ। ਇਸ ਸਾਲ ਕੈਨੇਡਾ ਵਿੱਚ ਅਸਾਇਲਮ ਮੰਗਣ ਵਾਲਿਆਂ ਵਿੱਚ ਭਾਰਤੀ ਨਾਗਰਿਕ ਸਭ ਤੋਂ ਅੱਗੇ ਹਨ। 2025 ਦੇ ਪਹਿਲੇ ਛੇ ਮਹੀਨਿਆਂ ਵਿੱਚ ਭਾਰਤ ਦੇ ਲੋਕਾਂ ਨੇ ਲਗਭਗ 9,770 ਰਿਫਿਊਜੀ ਦਾਅਵੇ ਦਾਇਰ ਕੀਤੇ, ਜੋ ਕਿਸੇ ਵੀ ਹੋਰ ਦੇਸ਼ ਨਾਲੋਂ ਵੱਧ ਹਨ। ਪੰਜਾਬ ਸਮੇਤ ਕਈ ਸੂਬਿਆਂ ਤੋਂ ਅਜਿਹੇ ਦਾਅਵੇ ਕੀਤੇ ਜਾਂਦੇ ਹਨ, ਜੋ ਅਕਸਰ ਸਿਆਸੀ ਜਾਂ ਸੁਰੱਖਿਆ ਚਿੰਤਾਵਾਂ ਨਾਲ ਜੁੜੇ ਹੁੰਦੇ ਹਨ। ਇਮੀਗ੍ਰੇਸ਼ਨ ਐਂਡ ਰਿਫਿਊਜੀ ਬੋਰਡ ਆਫ ਕੈਨੇਡਾ ਦੇ ਅਧਿਕਾਰਤ ਰਿਕਾਰਡਾਂ ਅਨੁਸਾਰ ਦਸੰਬਰ 2012 ਤੋਂ ਹੁਣ ਤੱਕ ਭਾਰਤੀ ਨਾਗਰਿਕਾਂ ਦੁਆਰਾ ਕੈਨੇਡਾ ਵਿੱਚ 45,000 ਤੋਂ ਵੱਧ ਅਸਾਇਲਮ ਦਾਅਵੇ ਕੀਤੇ ਗਏ ਹਨ। ਸਭ ਤੋਂ ਵੱਡੇ ਬਦਲਾਅ 3 ਜੂਨ 2025 ਜਾਂ ਉਸ ਤੋਂ ਬਾਅਦ ਕੀਤੇ ਗਏ ਅਸਾਇਲਮ ਦਾਅਵਿਆਂ ਨੂੰ ਪ੍ਰਭਾਵਿਤ ਕਰਦੇ ਹਨ। ਜੇ ਕੋਈ ਵਿਅਕਤੀ 24 ਜੂਨ 2020 ਨੂੰ ਜਾਂ ਉਸ ਤੋਂ ਬਾਅਦ ਕੈਨੇਡਾ ਵਿੱਚ ਆਪਣੀ ਪਹਿਲੀ ਐਂਟਰੀ ਦੇ ਇੱਕ ਸਾਲ ਤੋਂ ਵੱਧ ਸਮੇਂ ਬਾਅਦ ਦਾਅਵਾ ਕਰਦਾ ਹੈ, ਤਾਂ ਆਮ ਤੌਰ 'ਤੇ ਉਸ ਦਾ ਦਾਅਵਾ ਪੂਰੀ ਸੁਣਵਾਈ ਲਈ ਇਮੀਗ੍ਰੇਸ਼ਨ ਐਂਡ ਰਿਫਿਊਜੀ ਬੋਰਡ ਨੂੰ ਨਹੀਂ ਭੇਜਿਆ ਜਾਵੇਗਾ। ਇਹ ਨਿਯਮ ਉਦੋਂ ਵੀ ਲਾਗੂ ਹੁੰਦਾ ਹੈ ਜੇ ਵਿਅਕਤੀ ਬਾਅਦ ਵਿੱਚ ਕੈਨੇਡਾ ਛੱਡ ਕੇ ਵਾਪਸ ਆਇਆ ਹੋਵੇ। ਇੱਕ ਸਾਲ ਦਾ ਸਮਾਂ 24 ਜੂਨ 2020 ਤੋਂ ਬਾਅਦ ਉਸ ਦੀ ਪਹਿਲੀ ਐਂਟਰੀ ਤੋਂ ਸ਼ੁਰੂ ਹੁੰਦਾ ਹੈ ਅਤੇ ਮੁੜ-ਐਂਟਰੀਆਂ ਨਾਲ ਦੁਬਾਰਾ ਸ਼ੁਰੂ ਨਹੀਂ ਹੁੰਦਾ। ਇਸ ਤੋਂ ਇਲਾਵਾ ਜੇ ਕੋਈ ਵਿਅਕਤੀ ਅਮਰੀਕਾ ਤੋਂ ਅਧਿਕਾਰਤ ਬਾਰਡਰ ਪੁਆਇੰਟਾਂ ਦੇ ਵਿਚਕਾਰ (ਗੈਰ-ਕਾਨੂੰਨੀ ਢੰਗ ਨਾਲ) ਕੈਨੇਡਾ ਵਿੱਚ ਦਾਖਲ ਹੁੰਦਾ ਹੈ ਅਤੇ ਦਾਖਲ ਹੋਣ ਦੇ 14 ਦਿਨਾਂ ਬਾਅਦ ਅਸਾਇਲਮ ਦਾ ਦਾਅਵਾ ਕਰਦਾ ਹੈ, ਤਾਂ ਉਸ ਦਾ ਦਾਅਵਾ ਆਮ ਤੌਰ 'ਤੇ ਪੂਰੀ IRB ਸੁਣਵਾਈ ਲਈ ਨਹੀਂ ਜਾਵੇਗਾ।

ਇਸ ਦਾ ਉਦੇਸ਼ ਸਿਸਟਮ ਦੀ ਦੁਰਵਰਤੋਂ ਨੂੰ ਰੋਕਣਾ ਅਤੇ ਦਾਅਵਿਆਂ ਵਿੱਚ ਅਚਾਨਕ ਹੋਏ ਵਾਧੇ ਨੂੰ ਸੰਭਾਲਣਾ ਹੈ। ਕੈਨੇਡਾ ਅਜੇ ਵੀ ਉਨ੍ਹਾਂ ਲੋਕਾਂ ਦੀ ਰੱਖਿਆ ਕਰੇਗਾ ਜਿਨ੍ਹਾਂ ਨੂੰ ਨੁਕਸਾਨ ਜਾਂ ਅੱਤਿਆਚਾਰ ਦਾ ਅਸਲ ਖ਼ਤਰਾ ਹੈ। ਸਰਕਾਰ ਦਾ ਕਹਿਣਾ ਹੈ ਕਿ ਇਹ ਕਾਨੂੰਨ ਸਰਹੱਦਾਂ ਨੂੰ ਸੁਰੱਖਿਅਤ ਕਰਨ, ਫੈਂਟਾਨਿਲ ਸਮਗਲਿੰਗ ਵਰਗੇ ਸੰਗਠਿਤ ਅਪਰਾਧਾਂ ਨਾਲ ਲੜਨ ਅਤੇ ਇਮੀਗ੍ਰੇਸ਼ਨ ਪ੍ਰਣਾਲੀ ਨੂੰ ਨਿਰਪੱਖ ਅਤੇ ਕੁਸ਼ਲ ਰੱਖਣ ਵਿੱਚ ਮਦਦ ਕਰੇਗਾ। ਪਬਲਿਕ ਸੇਫਟੀ ਕੈਨੇਡਾ ਨੇ ਕਿਹਾ ਕਿ ਇਹ ਪੁਲਿਸ ਨੂੰ ਸਰਹੱਦ 'ਤੇ ਗੈਰ-ਕਾਨੂੰਨੀ ਗਤੀਵਿਧੀਆਂ ਵਿਰੁੱਧ ਬਿਹਤਰ ਸਾਧਨ ਪ੍ਰਦਾਨ ਕਰਦਾ ਹੈ। ਇਹ ਕਾਨੂੰਨ ਸੰਘੀ, ਸੂਬਾਈ ਅਤੇ ਖੇਤਰੀ ਸਰਕਾਰਾਂ ਨੂੰ ਜਾਂਚ ਅਤੇ ਤਾਲਮੇਲ ਸੁਧਾਰਨ ਲਈ ਵਧੇਰੇ ਨਿੱਜੀ ਜਾਣਕਾਰੀ ਸਾਂਝੀ ਕਰਨ ਦੀ ਇਜਾਜ਼ਤ ਵੀ ਦਿੰਦਾ ਹੈ। ਜਨਤਕ ਹਿੱਤ ਦੇ ਮਾਮਲਿਆਂ ਵਿੱਚ ਮੰਤਰੀ ਵੀਜ਼ਾ, ਵਰਕ ਪਰਮਿਟ, ਸਟੱਡੀ ਪਰਮਿਟ ਅਤੇ ਹੋਰ ਦਸਤਾਵੇਜ਼ ਰੱਦ, ਮੁਅੱਤਲ ਜਾਂ ਬਦਲ ਸਕਦਾ ਹੈ। ਸਰਕਾਰ ਕੁਝ ਸ਼੍ਰੇਣੀਆਂ ਵਿੱਚ ਨਵੀਆਂ ਅਰਜ਼ੀਆਂ ਸਵੀਕਾਰ ਕਰਨ ਜਾਂ ਪ੍ਰੋਸੈਸ ਕਰਨ ਨੂੰ ਵੀ ਰੋਕ ਸਕਦੀ ਹੈ।

ਪਰ ਕਈ ਸਮੂਹਾਂ ਨੇ ਇਸ ਕਾਨੂੰਨ ਦੀ ਆਲੋਚਨਾ ਕੀਤੀ ਹੈ। ਕੈਨੇਡੀਅਨ ਕੌਂਸਲ ਫਾਰ ਰਿਫਿਊਜੀਜ਼ ਦਾ ਕਹਿਣਾ ਹੈ ਕਿ ਇਹ ਸ਼ਰਨਾਰਥੀਆਂ ਲਈ ਸੁਰੱਖਿਆ ਨੂੰ ਕਮਜ਼ੋਰ ਕਰਦਾ ਹੈ ਅਤੇ ਅੰਤਰਰਾਸ਼ਟਰੀ ਨਿਯਮਾਂ ਅਤੇ ਕੈਨੇਡੀਅਨ ਚਾਰਟਰ ਆਫ ਰਾਈਟਸ ਦੇ ਤਹਿਤ ਕੈਨੇਡਾ ਦੇ ਵਾਅਦਿਆਂ ਨੂੰ ਤੋੜ ਸਕਦਾ ਹੈ। ਕੈਨੇਡੀਅਨ ਸਿਵਲ ਲਿਬਰਟੀਜ਼ ਐਸੋਸੀਏਸ਼ਨ ਅਤੇ ਹੋਰ ਅਧਿਕਾਰ ਸਮੂਹ ਇਸ ਨੂੰ ਸ਼ਰਨਾਰਥੀ ਅਤੇ ਪ੍ਰਵਾਸੀ ਅਧਿਕਾਰਾਂ 'ਤੇ ਹਮਲਾ ਮੰਨਦੇ ਹਨ। ਉਨ੍ਹਾਂ ਨੂੰ ਡਰ ਹੈ ਕਿ ਇਹ ਇਮੀਗ੍ਰੇਸ਼ਨ ਅਤੇ ਰਿਫਿਊਜੀ ਬੋਰਡ ਦੇ ਸਾਹਮਣੇ ਪੂਰੀ ਸੁਣਵਾਈ ਤੋਂ ਇਨਕਾਰ ਕਰਕੇ ਹਜ਼ਾਰਾਂ ਲੋਕਾਂ ਨੂੰ ਹਿੰਸਾ ਜਾਂ ਅੱਤਿਆਚਾਰ ਦੇ ਖਤਰੇ ਵਿੱਚ ਪਾ ਦੇਵੇਗਾ। ਕੁਝ ਮਾਮਲਿਆਂ ਵਿੱਚ ਹਟਾਉਣ (ਡਿਪੋਰਟ ਕਰਨ) ਤੋਂ ਪਹਿਲਾਂ ਸਿਰਫ ਇੱਕ ਤੇਜ਼ ਜੋਖਮ ਜਾਂਚ ਹੋ ਸਕਦੀ ਹੈ, ਜਿਸ ਨੂੰ ਆਲੋਚਕ ਨਿਰਪੱਖ ਜਾਂ ਸੁਤੰਤਰ ਨਹੀਂ ਮੰਨਦੇ।

ਮਾਲਦੀਵ ਕਿਸ਼ਤੀ ਹਾਦਸਾ

ਚੰਡੀਗੜ੍ਹ ਵਾਸੀ ਤੇ ਰੈਲੀ ਡਰਾਈਵਰ ਹਰੀ ਸਿੰਘ ਦੀ ਭਾਲ ਬੰਦ

ਮਾਲਦੀਵ 'ਚ 19 ਮਾਰਚ ਨੂੰ ਕਿਸ਼ਤੀ ਪਲਟਣ ਤੋਂ ਬਾਅਦ ਹੋ ਗਏ ਸਨ ਲਾਪਤਾ

ਚੰਡੀਗੜ੍ਹ, 28 ਮਾਰਚ (ਚ.ਨ.ਸ.): ਭਾਰਤ ਦੇ ਰੈਲੀ ਡਰਾਈਵਰ ਹਰੀ ਸਿੰਘ ਦੀ ਭਾਲ ਲਈ ਮਾਲਦੀਵ ਦੇ ਅਧਿਕਾਰੀਆਂ ਵੱਲੋਂ ਚਲਾਇਆ ਜਾ ਰਿਹਾ ਸਰਚ ਅਪਰੇਸ਼ਨ ਬੀਤੀ ਰਾਤ ਖ਼ਤਮ ਕਰ ਦਿੱਤਾ ਗਿਆ ਹੈ। ਹਰੀ ਸਿੰਘ 19 ਮਾਰਚ ਨੂੰ ਮਾਲਦੀਵ ਦੇ ਫੈਲੀਧੂ ਟਾਪੂ ਨੇੜੇ ਇੱਕ ਤੇਜ਼ ਰਫ਼ਤਾਰ ਕਿਸ਼ਤੀ ਪਲਟਣ ਕਾਰਨ ਲਾਪਤਾ ਹੋ ਗਏ ਸਨ। ਇਸ ਹਾਦਸੇ ਵਿੱਚ ਉਨ੍ਹਾਂ ਨਾਲ ਭਾਰਤੀ ਜਲ ਸੈਨਾ ਦੇ ਸਾਬਕਾ ਅਧਿਕਾਰੀ ਕਮਾਂਡਰ ਮਹੇਸ਼ ਰਾਮਚੰਦਰਨ ਵੀ ਲਾਪਤਾ ਸਨ। ਆਮ ਤੌਰ 'ਤੇ ਅਜਿਹੀ ਭਾਲ 72 ਘੰਟੇ ਚੱਲਦੀ ਹੈ ਪਰ ਇਹ ਮੁਹਿੰਮ ਅੱਠ ਦਿਨਾਂ ਤੱਕ ਜਾਰੀ ਰੱਖੀ ਗਈ ਸੀ। ਇਸ ਕੰਮ ਲਈ ਡਰੋਨਾਂ, ਹਲਕੇ ਜਹਾਜ਼ਾਂ ਅਤੇ ਭਾਰਤ ਸਰਕਾਰ ਵੱਲੋਂ ਭੇਜੇ ਗਏ ਖ਼ਾਸ ਨਿਗਰਾਨੀ ਜਹਾਜ਼ਾਂ ਦੀ ਮਦਦ ਲਈ ਗਈ ਸੀ ਪਰ ਸਮੁੰਦਰ ਵਿੱਚੋਂ ਉਨ੍ਹਾਂ ਦਾ ਕੋਈ ਵੀ ਸੁਰਾਗ ਨਹੀਂ ਮਿਲ ਸਕਿਆ। ਹਰੀ ਸਿੰਘ ਦੇ ਪਰਿਵਾਰ ਨੇ ਹੁਣ ਉਨ੍ਹਾਂ ਦੀ ਯਾਦ ਵਿੱਚ 30 ਮਾਰਚ ਨੂੰ ਚੰਡੀਗੜ੍ਹ ਦੇ ਸੈਕਟਰ 8 ਸਥਿਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਵਿਖੇ ਭੋਗ ਦੀ ਰਸਮ ਅਤੇ ਅੰਤਿਮ ਅਰਦਾਸ ਕਰਵਾਉਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਦੇ ਕਰੀਬੀ ਦੋਸਤਾਂ ਅਤੇ ਚੰਡੀਗੜ੍ਹ ਮੋਟਰਸਪੋਰਟ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਇਹ ਬਹੁਤ ਹੈਰਾਨੀ ਵਾਲੀ ਗੱਲ ਹੈ ਕਿ ਇੰਨੀ ਵੱਡੀ ਪੱਧਰ 'ਤੇ ਚਲਾਈ ਗਈ ਮੁਹਿੰਮ ਦੇ ਬਾਵਜੂਦ ਹਰੀ ਸਿੰਘ ਨਾਲ ਜੁੜੀ ਇੱਕ ਵੀ ਚੀਜ਼ ਬਰਾਮਦ ਨਹੀਂ ਹੋਈ। ਹੁਣ ਉਨ੍ਹਾਂ ਦੀ ਭਾਲ ਵਿੱਚ ਜੁਟੇ ਦੋਸਤ ਵੀ ਵਾਪਸ ਭਾਰਤ ਪਰਤ ਰਹੇ ਹਨ।

ਭਾਰਤੀ ਰੈਲੀ ਜਗਤ ਵਿੱਚ ਹਰੀ ਸਿੰਘ ਦਾ ਸ਼ਾਨਦਾਰ ਸਫ਼ਰ

ਹਰੀ ਸਿੰਘ ਭਾਰਤੀ ਮੋਟਰਸਪੋਰਟਸ ਦੇ ਸਭ ਤੋਂ ਵੱਡੇ ਨਾਵਾਂ ਵਿੱਚੋਂ ਇੱਕ ਸਨ ਜਿਨ੍ਹਾਂ ਨੇ 90 ਦੇ ਦਹਾਕੇ ਵਿੱਚ ਲਗਾਤਾਰ ਪੰਜ ਵਾਰ ਇੰਡੀਅਨ ਨੈਸ਼ਨਲ ਰੈਲੀ ਚੈਂਪੀਅਨਸ਼ਿਪ (INRC) ਜਿੱਤ ਕੇ ਆਪਣਾ ਲੋਹਾ ਮਨਵਾਇਆ ਸੀ। ਉਹ ਪਹਿਲੇ ਭਾਰਤੀ ਡਰਾਈਵਰਾਂ ਵਿੱਚੋਂ ਇੱਕ ਸਨ ਜਿਨ੍ਹਾਂ ਨੇ ਏਸ਼ੀਆ ਜ਼ੋਨ ਰੈਲੀ ਚੈਂਪੀਅਨਸ਼ਿਪ ਜਿੱਤ ਕੇ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਸਿੱਧੀ ਹਾਸਲ ਕੀਤੀ। ਰੇਸਿੰਗ ਤੋਂ ਦੂਰ ਹੋਣ ਤੋਂ ਬਾਅਦ ਵੀ ਉਹ ਜੇ.ਕੇ. ਟਾਇਰ ਮੋਟਰਸਪੋਰਟ ਵਿੱਚ ਮੁਖੀ ਵਜੋਂ ਸੇਵਾਵਾਂ ਨਿਭਾ ਰਹੇ ਸਨ ਅਤੇ ਮਰਸਡੀਜ਼-ਬੈਂਜ਼ ਇੰਡੀਆ ਦੇ ਮੁੱਖ ਇੰਸਟਰਕਟਰ ਸਨ। ਉਨ੍ਹਾਂ ਦੀ ਮੌਤ ਨਾਲ ਭਾਰਤੀ ਖੇਡ ਜਗਤ ਨੇ ਇੱਕ ਬੇਹੱਦ ਪ੍ਰਤਿਭਾਸ਼ਾਲੀ ਅਤੇ ਨਿਡਰ ਇਨਸਾਨ ਗੁਆ ਦਿੱਤਾ ਹੈ।

ਪੰਜਾਬ ਦੇ ਜਲਗਾਹ 'ਤੇ 304 ਪ੍ਰਜਾਤੀਆਂ ਦੀ ਰਿਕਾਰਡਿੰਗ ਗਿਣਤੀ 'ਚ ਹੋਇਆ ਵਾਧਾ

ਮੋਹਾਲੀ, 28 ਮਾਰਚ (ਚ.ਨ.ਸ): ਪੰਜਾਬ ਦੇ ਜਲਗਾਹ ਇੱਕ ਵਾਰ ਫਿਰ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਵਾਤਾਵਰਣਕ ਮਹੱਤਤਾ ਸਾਬਤ ਕਰਦੇ ਨਜ਼ਰ ਆਏ ਹਨ। ਜਨਵਰੀ 2026 ਦੌਰਾਨ ਕੀਤੀ ਗਈ ਏਸ਼ੀਅਨ ਵਾਟਰਬਰਡ ਜਨਗਣਨਾ ਅਨੁਸਾਰ ਸੂਬੇ ਵਿੱਚ ਕੁੱਲ 304 ਪੰਛੀਆਂ ਦੀਆਂ ਪ੍ਰਜਾਤੀਆਂ ਦਰਜ ਕੀਤੀਆਂ ਗਈਆਂ ਹਨ, ਜੋ ਪਿਛਲੇ ਸਾਲ ਦੇ ਮੁਕਾਬਲੇ ਵੱਡਾ ਵਾਧਾ ਦਰਸਾਉਂਦੀਆਂ ਹਨ। ਮੁੱਖ ਜੰਗਲੀ ਜੀਵ ਵਾਰਡਨ ਪੰਜਾਬ ਬਸੰਤ ਰਾਜ ਕੁਮਾਰ (ਆਈਐਫ਼ਐਸ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਗਿਣਤੀ ਏਸ਼ੀਅਨ ਵਾਟਰਬਰਡ ਜਨਗਣਨਾ ਦੇ ਪ੍ਰੋਟੋਕੋਲ ਅਧੀਨ ਕੀਤੀ ਗਈ। ਇਸ ਵਿੱਚ ਹਰੀਕੇ, ਨੰਗਲ, ਕੋਸ਼ੋਪੁਰ, ਰਣਜੀਤ ਸਾਗਰ, ਰੋਪੜ ਤੇ ਕਾਂਜਲੀ ਵਰਗੇ ਪ੍ਰਮੁੱਖ ਜਲਗਾਹਾਂ ਨੂੰ ਕਵਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਵਿਆਪਕ ਸਰਵੇਖਣ ਜੰਗਲਾਤ ਵਿਭਾਗ ਵੱਲੋਂ ਬੰਬੇ ਨੈਚੂਰਲ ਹਿਸਟਰੀ ਸੁਸਾਇਟੀ, ਵਾਈਲਡ ਲਾਈਫ਼ ਇੰਸਟੀਚਿਊਟ ਆਫ਼ ਇੰਡੀਆ, ਇੰਡੀਅਨ ਇੰਸਟੀਚਿਊਟ ਆਫ਼ ਸਾਇੰਸ ਐਜੂਕੇਸ਼ਨ ਐਂਡ ਰਿਸਰਚ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਗੁਰੂ ਨਾਨਕ ਦੇਵ ਯੂਨੀਵਰਸਿਟੀ ਤੇ ਪੰਜਾਬ ਯੂਨੀਵਰਸਿਟੀ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਦੌਰਾਨ ਪੰਛੀ ਕਲੱਬਾਂ ਤੇ ਸਥਾਨਕ ਬਰਡ ਵਾਚਰਾਂ ਦੀ ਭੂਮਿਕਾ ਵੀ ਮਹੱਤਵਪੂਰਨ ਰਹੀ। ਗਿਣਤੀ ਦੇ ਅੰਕੜਿਆਂ ਮੁਤਾਬਿਕ ਇਸ ਸਾਲ ਕੁੱਲ 71,129 ਪੰਛੀ ਦਰਜ ਕੀਤੇ ਗਏ, ਜੋ ਕਿ ਪਿਛਲੇ ਸਾਲ ਦੇ 77,772 ਦੇ ਮੁਕਾਬਲੇ ਕੁਝ ਘੱਟ ਹਨ। ਹਾਲਾਂਕਿ ਪ੍ਰਜਾਤੀਆਂ ਦੀ ਗਿਣਤੀ 278 ਤੋਂ ਵੱਧ ਕੇ 304 ਹੋ ਜਾਣਾ ਇੱਕ ਉਤਸ਼ਾਹਜਨਕ ਰੁਝਾਨ ਮੰਨਿਆ ਜਾ ਰਿਹਾ ਹੈ। ਮਾਹਿਰਾਂ ਅਨੁਸਾਰ ਗਿਣਤੀ ਵਿੱਚ ਇਹ ਹਲਕਾ ਘਾਟ ਪਿਛਲੇ ਸਾਲ ਆਏ ਹੜ੍ਹਾਂ ਕਾਰਨ ਹੋ ਸਕਦਾ ਹੈ, ਜਿਨ੍ਹਾਂ ਨੇ ਰਣਜੀਤ ਸਾਗਰ, ਹਰੀਕੇ ਤੇ ਕੋਸ਼ੋਪੁਰ ਜਲਗਾਹਾਂ ਨੂੰ ਪ੍ਰਭਾਵਿਤ ਕੀਤਾ ਸੀ। ਇਸ ਦੇ ਉਲਟ ਰੋਪੜ, ਕਾਂਜਲੀ ਤੇ ਨੰਗਲ ਜਲਗਾਹਾਂ ਵਿੱਚ ਪੰਛੀਆਂ ਦੀ ਸੰਖਿਆ ਵਿੱਚ ਵਾਧਾ ਦਰਜ ਕੀਤਾ ਗਿਆ, ਕਿਉਂਕਿ ਇਹ ਖੇਤਰ ਹੜ੍ਹਾਂ ਤੋਂ ਘੱਟ ਪ੍ਰਭਾਵਿਤ ਰਹੇ।ਪੰਜਾਬ ਦੇ ਜਲਗਾਹਾਂ ਦੀ ਅੰਤਰਰਾਸ਼ਟਰੀ ਮਹੱਤਤਾ ਨੂੰ ਦਰਸਾਉਂਦਿਆਂ ਉਨ੍ਹਾਂ ਕਿਹਾ ਕਿ ਗ੍ਰੇਲੈਗ ਗੂਸ, ਬਾਰ-ਹੈਡਡ ਗੂਜ਼, ਗੈਡਵਾਲ, ਨੌਰਦਰਨ ਸ਼ੋਵੇਲਰ ਤੇ ਕਾਮਨ ਪੋਚਾਰਡ ਵਰਗੇ ਲੰਬੀ ਦੂਰੀ ਦੇ ਪ੍ਰਵਾਸੀ ਪੰਛੀਆਂ ਦੀ ਮੌਜੂਦਗੀ ਸੂਬੇ ਨੂੰ ਕੇਂਦਰੀ ਏਸ਼ੀਆਈ ਫਲਾਈਵੇਅ ਵਿੱਚ ਇੱਕ ਅਹਿਮ ਕੜੀ ਬਣਾਉਂਦੀ ਹੈ।

ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਕੇਂਦਰੀ ਸਮਾਜਿਕ ਨਿਆਂ ਮੰਤਰਾਲੇ ਵੱਲੋਂ ਸਨਮਾਨਤ

ਮੰਡੀ ਗੋਬਿੰਦਗੜ੍ਹ, 28 ਮਾਰਚ (ਅੰਮ੍

ਸੰਪਾਦਕੀ

ਸਮਾਜਿਕ ਸੋਚ ਕਾਨੂੰਨੀ ਸਖ਼ਤੀ ਦੀ ਲੋੜ

ਇਹ ਵਿਡੰਬਨਾ ਹੈ ਕਿ ਦੇਸ਼ ਵਿੱਚ ਸਖ਼ਤ ਕਾਨੂੰਨੀ ਪ੍ਰਬੰਧਾਂ ਦੇ ਬਾਵਜੂਦ, ਦਾਜ ਲਈ ਵਿਆਹੀਆਂ ਔਰਤਾਂ ਦੇ ਕਤਲ ਜਾਂ ਖੁਦਕੁਸ਼ੀ ਦੀਆਂ ਘਟਨਾਵਾਂ ਲਗਾਤਾਰ ਜਾਰੀ ਹਨ। ਇੱਕੀਵੀਂ ਸਦੀ ਦੀ ਸਿੱਖਿਆ ਅਤੇ ਵਿਗਿਆਨ ਵਿੱਚ ਤਰੱਕੀ ਦੇ ਬਾਵਜੂਦ, ਸਮਾਜ ਦੇ ਇੱਕ ਹਿੱਸੇ ਦੀ ਰੂੜੀਵਾਦੀ ਮਾਨਸਿਕਤਾ ਅਜੇ ਵੀ ਬਰਕਰਾਰ ਹੈ। ਇਸ ਤੋਂ ਇਲਾਵਾ, ਕਾਨੂੰਨਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਵਿੱਚ ਵੱਖ-ਵੱਖ ਪੱਧਰਾਂ @ਤੇ ਲਾਪਰਵਾਹੀ ਦੇਖੀ ਜਾ ਰਹੀ ਹੈ, ਜਿਸ ਨਾਲ ਇਸ ਬੁਰਾਈ ਪ੍ਰਥਾ ਨੂੰ ਖਤਮ ਕਰਨ ਦੀ ਬਜਾਏ ਹੋਰ ਡੂੰਘਾ ਹੁੰਦਾ ਜਾ ਰਿਹਾ ਹੈ। ਇਸਦੀ ਬਿਪਤਾ ਔਰਤਾਂ ਵਿਰੁੱਧ ਹਿੰਸਾ ਅਤੇ ਪਰੇਸ਼ਾਨੀ ਤੱਕ ਸੀਮਿਤ ਨਹੀਂ ਹੈ; ਇਹ ਉਨ੍ਹਾਂ ਦੀਆਂ ਜ਼ਿੰਦਗੀਆਂ @ਤੇ ਵੀ ਮਾੜਾ ਪ੍ਰਭਾਵ ਪਾ ਰਹੀ ਹੈ। ਸੁਪਰੀਮ ਕੋਰਟ ਨੇ ਇੱਕ ਫੈਸਲੇ ਵਿੱਚ ਇਸ ਮੁੱਦੇ @ਤੇ ਡੂੰਘੀ ਚਿੰਤਾ ਪ੍ਰਗਟ ਕੀਤੀ, ਦਾਜ ਦੇ ਮਾਮਲਿਆਂ ਵਿੱਚ ਔਰਤਾਂ ਦੀਆਂ ਮੌਤਾਂ ਨੂੰ ਸਮਾਜ @ਤੇ ਇੱਕ ਗੰਭੀਰ ਧੱਬਾ ਕਿਹਾ। ਸੁਪਰੀਮ ਕੋਰਟ ਨੇ ਕਿਹਾ ਕਿ ਹਜ਼ਾਰਾਂ ਔਰਤਾਂ ਅਜੇ ਵੀ ਇਸ ਸਮਾਜਿਕ ਬੁਰਾਈ ਕਾਰਨ ਮਰ ਰਹੀਆਂ ਹਨ। ਜਦੋਂ ਕਿ ਸਰਕਾਰ ਦੇਸ਼ ਵਿੱਚ ਦਾਜ ਪ੍ਰਥਾ ਨੂੰ ਰੋਕਣ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਅਸਲ ਸਥਿਤੀ ਬਹੁਤ ਚਿੰਤਾਜਨਕ ਹੈ। ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੀ ਇੱਕ ਰਿਪੋਰਟ ਦੇ ਅਨੁਸਾਰ, 2023 ਵਿੱਚ ਦਾਜ ਨਾਲ ਸਬੰਧਤ ਅਪਰਾਧਾਂ ਦੇ ਤਹਿਤ ਦਰਜ ਮਾਮਲਿਆਂ ਦੀ ਗਿਣਤੀ ਵਿੱਚ 14 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ। ਦੇਸ਼ ਭਰ ਵਿੱਚ 15,000 ਤੋਂ ਵੱਧ ਮਾਮਲੇ ਦਰਜ ਕੀਤੇ ਗਏ ਸਨ, ਜਿਸ ਦੇ ਨਤੀਜੇ ਵਜੋਂ 6,000 ਤੋਂ ਵੱਧ ਔਰਤਾਂ ਦੀ ਮੌਤ ਹੋਈ ਸੀ। ਇਹ ਅੰਕੜਾ 2022 ਅਤੇ 2021 ਵਿੱਚ ਕ੍ਰਮਵਾਰ 13,479 ਅਤੇ 13,568 ਸੀ। ਸਵਾਲ ਇਹ ਹੈ ਕਿ ਅਜਿਹੀਆਂ ਘਟਨਾਵਾਂ ਨੂੰ ਕਿਉਂ ਨਹੀਂ ਰੋਕਿਆ ਜਾ ਰਿਹਾ ਹੈ? ਕੀ ਇਹ ਇਸ ਲਈ ਹੈ ਕਿਉਂਕਿ ਦਾਜ ਪ੍ਰਥਾ ਨੂੰ ਉਤਸ਼ਾਹਿਤ ਕਰਨ ਵਾਲਿਆਂ ਨੂੰ ਕਾਨੂੰਨ ਦਾ ਕੋਈ ਡਰ ਨਹੀਂ ਹੈ? ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦਾ ਢਿੱਲਾ ਰਵੱਈਆ ਇਸ ਲਈ ਜ਼ਿੰਮੇਵਾਰ ਹੈ। ਪੁਲਿਸ ਦੀ ਲਾਪਰਵਾਹੀ ਕਾਰਨ, ਦਾਜ ਨਾਲ ਸਬੰਧਤ ਮਾਮਲਿਆਂ ਦੇ ਦੋਸ਼ੀਆਂ ਨੂੰ ਅਕਸਰ ਸਬੂਤਾਂ ਦੀ ਘਾਟ ਕਾਰਨ ਅਦਾਲਤ ਵਿੱਚ ਬਰੀ ਕਰ ਦਿੱਤਾ ਜਾਂਦਾ ਹੈ। ਅਕਸਰ, ਪੀੜਤ ਔਰਤਾਂ ਨੂੰ ਸ਼ਿਕਾਇਤਾਂ ਦਰਜ ਕਰਨ ਵਿੱਚ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਜੋ ਪੁਲਿਸ ਦੇ ਕੰਮਕਾਜ @ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਦਾਜ ਪ੍ਰਥਾ ਨਾ ਸਿਰਫ਼ ਇੱਕ ਸਮਾਜਿਕ ਬੁਰਾਈ ਹੈ, ਸਗੋਂ ਮਨੁੱਖੀ ਅਧਿਕਾਰਾਂ ਅਤੇ ਸਨਮਾਨ ਦੀ ਗੰਭੀਰ ਉਲੰਘਣਾ ਵੀ ਹੈ। ਹਾਲਾਂਕਿ, ਬਹੁਤ ਸਾਰੇ ਮਾਮਲਿਆਂ ਵਿੱਚ, ਪੀੜਤ ਔਰਤਾਂ ਦੇ ਪਰਿਵਾਰ ਕਾਨੂੰਨੀ ਜਾਗਰੂਕਤਾ ਦੀ ਘਾਟ ਅਤੇ ਸਮਾਜਿਕ ਦਬਾਅ ਕਾਰਨ ਪੁਲਿਸ ਸ਼ਿਕਾਇਤ ਦਰਜ ਕਰਨ ਤੋਂ ਵੀ ਅਸਮਰੱਥ ਹੁੰਦੇ ਹਨ। ਅਜਿਹੀ ਸਥਿਤੀ ਵਿੱਚ, ਇਸ ਗੱਲ @ਤੇ ਡੂੰਘਾਈ ਨਾਲ ਵਿਚਾਰ ਕਰਨ ਦੀ ਲੋੜ ਹੈ ਕਿ ਕੀ ਭੌਤਿਕ ਸਮਾਨ, ਪੈਸਾ ਅਤੇ ਝੂਠਾ ਹੰਕਾਰ ਇੱਕ ਔਰਤ ਦੀ ਜਾਨ ਨਾਲੋਂ ਜ਼ਿਆਦਾ ਕੀਮਤੀ ਹਨ! ਦਾਜ ਉਤਪੀੜਨ ਜਾਂ ਕਤਲ ਦੇ ਮਾਮਲਿਆਂ ਵਿੱਚ ਸ਼ਿਕਾਇਤਾਂ ਦਰਜ ਕਰਨ ਦੀ ਪ੍ਰਕਿਰਿਆ ਨੂੰ ਸਰਲ ਬਣਾਉਣਾ ਅਤੇ ਅਜਿਹੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਣਾ ਅਤੇ ਉਨ੍ਹਾਂ ਦੀ ਪੂਰੀ ਤਰ੍ਹਾਂ ਜਾਂਚ ਕਰਨਾ ਵੀ ਜ਼ਰੂਰੀ ਹੈ। ਅਜਿਹੇ ਮਾਮਲਿਆਂ ਦੀ ਸੁਣਵਾਈ ਫਾਸਟ-ਟਰੈਕ ਅਦਾਲਤਾਂ ਵਿੱਚ ਹੋਣੀ ਚਾਹੀਦੀ ਹੈ ਤਾਂ ਜੋ ਪੀੜਤਾਂ ਨੂੰ ਜਲਦੀ ਨਿਆਂ ਮਿਲ ਸਕੇ। ਇਸ ਤੋਂ ਇਲਾਵਾ, ਸਮਾਜਿਕ ਜਾਗਰੂਕਤਾ ਅਤੇ ਹੋਰ ਪਹਿਲਕਦਮੀਆਂ ਨੂੰ ਉਤਸ਼ਾਹਿਤ ਕਰਨ ਦੀ ਲੋੜ ਹੈ, ਜਿਵੇਂ ਕਿ ਸਿੱਖਿਅਤ ਅਤੇ ਵਿੱਤੀ ਤੌਰ @ਤੇ ਨਿਰਭਰ ਔਰਤਾਂ, ਅਤੇ ਧੀਆਂ ਪ੍ਰਤੀ ਬਰਾਬਰੀ-ਅਧਾਰਤ ਪਹੁੰਚ ਨੂੰ ਸੱਚਮੁੱਚ ਲਾਗੂ ਕਰਨਾ। ਸੱਚਾਈ ਇਹ ਹੈ ਕਿ ਜਦੋਂ ਤੱਕ ਸਮਾਜਿਕ ਸੋਚ ਕਾਨੂੰਨੀ ਸਖ਼ਤੀ ਦੇ ਨਾਲ ਨਹੀਂ ਬਦਲਦੀ, ਕਿਸੇ ਵੀ ਬੁਰਾਈ ਨੂੰ ਪੂਰੀ ਤਰ੍ਹਾਂ ਖਤਮ ਕਰਨਾ ਅਸੰਭਵ ਹੈ।

-ਜਗਜੀਤ ਸਿੰਘ ਦਰਦੀ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਾਲਾਨਾ ਬਜਟ 2026-27

ਸ਼੍ਰੋਮਣੀ ਕਮੇਟੀ ਲਈ ਅੱਜ ਗੁਰੂਆਂ ਦਾ ਉਪਦੇਸ਼ ਤੇ ਨਵੀਂ ਪੀੜ੍ਹੀ ਨੂੰ ਗੁਰੂ ਵਿਰਾਸਤ ਨਾਲ ਜੋੜਨ ਦਾ ਵੇਲਾ

ਏਆਈ ਡਿਜੀਟਲ ਤਕਨੀਕ ਨਾਲ ਗੁਰਬਾਣੀ ਪ੍ਰਚਾਰ ਪ੍ਰਸਾਰ ਦਾ ਨਵਾਂ ਉਪਰਾਲਾ ਕਰਨ ਦੀ ਜ਼ਰੂਰਤ

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਸ਼੍ਰੋਮਣੀ ਕਮੇਟੀ ਨੂੰ ਅੱਜ ਵੱਡੀ ਪੱਧਰ ਤੇ ਨਵੀਂ ਪੀੜ੍ਹੀ ਨੂੰ ਗੁਰਮਤ ਸਿਧਾਂਤਾਂ ਤੇ ਆਪਣੀ ਵਿਰਾਸਤ ਨਾਲ ਜੋੜਨ ਦਾ ਆਹਿਦ ਕਰਨਾ ਚਾਹੀਦਾ ਹੈ । ਅੱਜ ਰਵਾਇਤੀ ਸੇਵਾ ਜਾਂ ਨਵੀਂ ਪੀੜ੍ਹੀ ਲਈ ਡਿਜੀਟਲ ਤਬਦੀਲੀ ਦੀ ਲੋੜ ਹੈ? ਕੱਲ੍ਹ, 28 ਮਾਰਚ 2026 ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਤੇਜਾ ਸਿੰਘ ਸਮੁੰਦਰੀ ਹਾਲ, ਅੰਮ੍ਰਿਤਸਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ ਵਿੱਚ ਆਪਣਾ ਸਾਲਾਨਾ ਬਜਟ ਪੇਸ਼ ਕੀਤਾ। ਇਸ ਬਜਟ ਦਾ ਅੰਦਾਜ਼ਨ ਆਕਾਰ ਲਗਭਗ 1487 ਕਰੋੜ ਰੁਪਏ ਤੱਕ ਪਹੁੰਚਣ ਦੀ ਉਮੀਦ ਹੈ (ਪਿਛਲੇ ਸਾਲ ਦੇ 1386.47 ਕਰੋੜ ਤੋਂ ਵਾਧਾ)। ਇਹ ਬਜਟ ਸਿੱਖ ਧਰਮ ਦੇ ਸਾਰੇ ਇਤਿਹਾਸਕ ਗੁਰਦੁਆਰਿਆਂ, ਵਿਦਿਅਕ ਸੰਸਥਾਵਾਂ, ਧਰਮ ਪ੍ਰਚਾਰ ਅਤੇ ਜਨ ਕਲਿਆਣੀ ਕਾਰਜਾਂ ਲਈ ਵਿਤੀ ਖਾਕਾ ਤਿਆਰ ਕਰਦਾ ਹੈ। ਬਜਟ ਵਿੱਚ ਗੁਰਦੁਆਰਾ ਸਾਹਿਬਾਂ ਦੀ ਮੁਰੰਮਤ ਤੇ ਪ੍ਰਬੰਧ ਲਈ ਵੱਡੀ ਰਕਮ (ਲਗਭਗ 1062 ਕਰੋੜ ਤੋਂ ਵੱਧ), ਧਰਮ ਪ੍ਰਚਾਰ ਕਮੇਟੀ ਲਈ 110 ਕਰੋੜ, ਵਿਦਿਅਕ ਸੰਸਥਾਵਾਂ ਲਈ 295 ਕਰੋੜ ਤੱਕ ਦੀ ਉਮੀਦ ਹੈ।

ਇਸ ਵਿੱਚ ਅੰਮ੍ਰਿਤਧਾਰੀ ਵਿਦਿਆਰਥੀਆਂ ਲਈ ਫ੍ਰੀ ਐਜੂਕੇਸ਼ਨ, ਖੇਡਾਂ, ਆਫ਼ਤ ਰਾਹਤ ਅਤੇ ਸਿਹਤ ਸੇਵਾਵਾਂ ਲਈ ਵੀ ਰਕਮਾਂ ਰੱਖੀਆਂ ਗਈਆਂ ਹਨ।ਇਹ ਬਜਟ ਸੰਖਿਆਤਮਕ ਤੌਰ ਤੇ ਛਾਪਾ ਮਾਰਦਾ ਹੈ ਅਤੇ SGPC ਦੀ ਵਿਸ਼ਾਲ ਢਾਂਚਾਗਤ ਸਮਰੱਥਾ ਨੂੰ ਦਰਸਾਉਂਦਾ ਹੈ। ਪਰ ਨਵੀਂ ਸਦੀ ਦੇ ਡਿਜੀਟਲ ਯੁੱਗ ਵਿੱਚ, ਜਿੱਥੇ ਯੁਵਕ ਆਰਟੀਫਿਸ਼ੀਅਲ ਇੰਟੈਲੀਜੈਂਸ (19), ਡਿਜੀਟਲ ਪਲੇਟਫਾਰਮ ਅਤੇ ਵਿਸ਼ਵਵਿਆਪੀ ਚੁਣੌਤੀਆਂ ਨਾਲ ਜੂਝ ਰਹੇ ਹਨ, ਇਸ ਬਜਟ ਵਿੱਚ ਕੀ ਨਵੀਂ ਸੋਚ, ਨਵੀਂ ਖੋਜ ਅਤੇ ਨਵੀਂ ਪੀੜ੍ਹੀ ਲਈ ਗੁਰੂ ਬਾਣੀ ਦੀ ਆਧੁਨਿਕ ਵਿਆਖਿਆ ਵਾਲੀ ਰਣਨੀਤੀ ਹੈ?

ਇਸ ਬਜਟ ਦਾ ਵਿਸਥਾਰ ਨਾਲ ਆਕਲਨ ਕਰਦੇ ਹੋਏ ਇਸ ਸਵਾਲ ਉੱਤੇ ਚਰਚਾ ਕਰਾਂਗੇ ਕਿ SGPC ਨੂੰ ਰਵਾਇਤੀ ਗੁਰਦੁਆਰਾ ਪ੍ਰਬੰਧ ਤੋਂ ਉੱਪਰ ਉਠ ਕੇ ਪੰਜਾਬੀ ਤੇ ਸਿੱਖ ਯੁਵਕਾਂ ਲਈ ਏਆਈ ਯੁੱਗ ਦੀ ਖੋਜ ਇੰਸਟੀਚਿਊਟ, ਗੁਰੂ ਬਾਣੀ ਦਾ ਆਧੁਨਿਕ ਅਨੁਵਾਦ, ਧਰਮ ਪ੍ਰਚਾਰ ਵਿੱਚ ਡਿਜੀਟਲ ਟੂਲਜ਼ ਅਤੇ ਰੋਜ਼ਗਾਰ ਉਤਪਾਦਨ ਵਾਲੀਆਂ ਵਿਦਿਅਕ ਯੋਜਨਾਵਾਂ ਵੱਲ ਵਧਣਾ ਚਾਹੀਦਾ ਹੈ ਜਾਂ ਨਹੀਂ। ਅੱਜ SGPC ਦੀ ਭੂਮਿਕਾ ਅਤੇ ਬਜਟ ਦਾ ਇਤਿਹਾਸਕ ਸੰਦਰਭ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ 1925 ਦੇ ਸਿੱਖ ਗੁਰਦੁਆਰਾ ਐਕਟ ਤਹਿਤ ਸਥਾਪਿਤ ਹੋਈ ਸੀ। ਇਹ ਸੰਸਥਾ ਸਿੱਖ ਧਰਮ ਦੇ ਇਤਿਹਾਸਕ ਗੁਰਦੁਆਰਿਆਂ (ਜਿਵੇਂ ਸ੍ਰੀ ਹਰਿਮੰਦਰ ਸਾਹਿਬ, ਅਕਾਲ ਤਖ਼ਤ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਆਦਿ) ਦਾ ਪ੍ਰਬੰਧ ਕਰਦੀ ਹੈ ਅਤੇ ਲੱਖਾਂ ਸੰਗਤ ਦੀ ਭਾਵਨਾਤਮਕ ਤੇ ਧਾਰਮਿਕ ਲੋੜਾਂ ਨੂੰ ਪੂਰਾ ਕਰਦੀ ਹੈ। SGPC ਦਾ ਆਮਦਨੀ ਦਾ ਮੁੱਖ ਸਰੋਤ ਸੰਗਤ ਦਾ ਦਸਵੰਦ (ਦਸਵੀਂ ਹਿੱਸਾ) ਅਤੇ ਗੁਰਦੁਆਰਾ ਫੰਡ ਹੈ। ਇਸ ਬਜਟ ਵਿੱਚ ਵੀ ਗੁਰਦੁਆਰਾ ਸਾਹਿਬਾਂ ਲਈ 1062 ਕਰੋੜ ਤੋਂ ਵੱਧ ਰਕਮ ਰੱਖਣ ਦੀ ਉਮੀਦ ਹੈ, ਜੋ ਮੁਰੰਮਤ, ਲੰਗਰ, ਸਰਾਈਆਂ ਅਤੇ ਰੋਜ਼ਾਨਾ ਪ੍ਰਬੰਧ ਲਈ ਵਰਤੀ ਜਾਵੇਗੀ। ਪਿਛਲੇ ਸਾਲਾਂ ਵਾਂਗ ਇਸ ਵਾਰ ਵੀ ਧਰਮ ਪ੍ਰਚਾਰ ਕਮੇਟੀ ਲਈ 110 ਕਰੋੜ, ਵਿਦਿਅਕ ਖੇਤਰ ਲਈ ਵੱਡੀ ਰਕਮ ਅਤੇ ਜਨ ਕਲਿਆਣ ਲਈ ਛੋਟੀਆਂ-ਛੋਟੀਆਂ ਰਕਮਾਂ (ਜਿਵੇਂ ਆਫ਼ਤ ਰਾਹਤ ਲਈ 1.5 ਕਰੋੜ, ਖੇਡਾਂ ਲਈ 3 ਕਰੋੜ ਆਦਿ) ਹਨ। ਇਹ ਰਵਾਇਤੀ ਢੰਗ ਨਾਲ ਚੰਗਾ ਲੱਗਦਾ ਹੈ, ਪਰ ਸਮੱਸਿਆ ਇਹ ਹੈ ਕਿ ਇਸ ਵਿੱਚ ਨਵੀਂ ਤਕਨੀਕੀ ਤਬਦੀਲੀ, ਏਆਈ ਯੁੱਗ ਦੀਆਂ ਚੁਣੌਤੀਆਂ ਅਤੇ ਯੁਵਕਾਂ ਲਈ ਰੋਜ਼ਗਾਰ-ਉਤਪਾਦਕ ਖੋਜ ਦਾ ਘਾਟਾ ਸਾਫ਼ ਨਜ਼ਰ ਆਉਂਦਾ ਹੈ। ਇਤਿਹਾਸਕ ਤੌਰ ਤੇ SGPC ਨੇ ਬਹੁਤ ਵੱਡੀਆਂ ਸੇਵਾਵਾਂ ਨਿਭਾਈਆਂ ਹਨ — ਗੁਰਦੁਆਰਾ ਸੁਧਾਰ ਲਹਿਰ, ਸਿੱਖ ਇਤਿਹਾਸ ਦੀ ਰੱਖਿਆ, ਵਿਦਿਅਕ ਸੰਸਥਾਵਾਂ (ਜਿਵੇਂ ਖਾਲਸਾ ਕਾਲਜ, ਸ੍ਰੀ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ ਅਤੇ ਧਰਮ ਪ੍ਰਚਾਰ ਪਰ 21ਵੀਂ ਸਦੀ ਵਿੱਚ ਯੁਵਕ ਟਿਕਟਾਕ, ਯੂਟਿਊਬ ਅਤੇ ਏਆਈ ਚੈਟਬੋਟ ਰਾਹੀਂ ਧਰਮ ਬਾਰੇ ਜਾਣਕਾਰੀ ਲੈ ਰਹੇ ਹਨ। ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦਾ ਅੰਗਰੇਜ਼ੀ, ਹਿੰਦੀ ਤੇ ਹੋਰ ਭਾਸ਼ਾਵਾਂ ਵਿੱਚ ਆਧੁਨਿਕ, ਸੰਦਰਭ-ਸਹਿਤ ਅਨੁਵਾਦ ਅਤੇ ਏਆਈ ਟੂਲਜ਼ ਰਾਹੀਂ ਇਸ ਨੂੰ ਇੰਟਰਐਕਟਿਵ ਬਣਾਉਣਾ ਲਾਜ਼ਮੀ ਹੈ। ਇਸ ਬਜਟ ਵਿੱਚ ਇਸ ਲਈ ਵੱਡੀ ਰਕਮ ਜਾਂ ਵਿਸ਼ੇਸ਼ ਇੰਸਟੀਚਿਊਟ ਦਾ ਐਲਾਨ ਨਜ਼ਰ ਨਹੀਂ ਆਉਂਦਾ।ਬਜਟ ਦਾ ਵਿਸਥਾਰ ਆਕਲਨ ਕਰਦਿਆਂ ਗੁਰਦੁਆਰਾ ਪ੍ਰਬੰਧ ਲਈ ਵੱਡੀ ਰਕਮ ਇਤਿਹਾਸਕ ਧਰੋਹਰ ਦੀ ਰੱਖਿਆ ਯਕੀਨੀ ਬਣਾਉਂਦੀ ਹੈ। ਧਰਮ ਪ੍ਰਚਾਰ ਲਈ 110 ਕਰੋੜ ਰੁਪਏ ਅੰਮ੍ਰਿਤ ਸੰਚਾਰ, ਕੱਕਾਰ ਫੰਡ ਅਤੇ ਪੰਥਕ ਵੈਲਫੇਅਰ ਲਈ ਵਰਤੇ ਜਾਣਗੇ। ਵਿਦਿਅਕ ਸੰਸਥਾਵਾਂ ਲਈ ਰਕਮ ਅੰਮ੍ਰਿਤਧਾਰੀ ਵਿਦਿਆਰਥੀਆਂ ਲਈ ਫ੍ਰੀ ਐਜੂਕੇਸ਼ਨ ਤੱਕ ਵਧਾਈ ਗਈ ਹੈ। ਆਫ਼ਤ ਰਾਹਤ, ਸਿਹਤ ਅਤੇ ਖੇਡਾਂ ਵਰਗੇ ਖੇਤਰਾਂ ਵਿੱਚ ਛੋਟੀਆਂ ਰਕਮਾਂ ਸੰਗਤ ਨਾਲ ਜੋੜਦੀਆਂ ਹਨ।

ਅੱਜ ਕਮਜ਼ੋਰੀਆਂ ਅਤੇ ਘਾਟ ਕਾਰਨ ਬਜਟ ਵਿੱਚ ਨਵੀਂ ਪੀੜ੍ਹੀ ਲਈ ਡਿਜੀਟਲ ਧਰਮ ਪ੍ਰਚਾਰ, ਏਆਈ ਆਧਾਰਿਤ ਖੋਜ ਇੰਸਟੀਚਿਊਟ, ਗੁਰੂ ਬਾਣੀ ਦਾ ਮਲਟੀ-ਲਿੰਗੂਅਲ 19-ਪਾਵਰਡ ਅਨੁਵਾਦ ਅਤੇ ਰੋਜ਼ਗਾਰ-ਉਤਪਾਦਕ ਕੋਰਸਾਂ ਲਈ ਵੱਡੀ ਰਕਮ ਨਜ਼ਰ ਨਹੀਂ ਆਉਂਦੀ। ਪੰਜਾਬ ਦੇ ਯੁਵਕ ਬੇਰੁਜ਼ਗਾਰੀ, ਡਰੱਗਸ ਅਤੇ ਵਿਦੇਸ਼ ਪ੍ਰਵਾਸ ਦੀਆਂ ਚੁਣੌਤੀਆਂ ਨਾਲ ਘਿਰੇ ਹੋਏ ਹਨ। SGPC ਵੱਲੋਂ ਚਲਾਈਆਂ ਵਿਦਿਅਕ ਸੰਸਥਾਵਾਂ ਰਵਾਇਤੀ ਐਜੂਕੇਸ਼ਨ ਤੱਕ ਸੀਮਤ ਹਨ।

ਹੁਣ ਸਮੇਂ ਦੇ ਨਾਲ ਏਆਈ ਯੁੱਗ ਵਿੱਚ ਇੱਕ ਵੱਡਾ ਇੰਸਟੀਚਿਊਟ ਖੋਲ੍ਹਣਾ ਚਾਹੀਦਾ ਹੈ ਜਿੱਥੇ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨੂੰ ਆਧੁਨਿਕ ਵਿਗਿਆਨ, ਭਾਸ਼ਾ ਵਿਗਿਆਨ, ਏਆਈ ਐਥਿਕਸ ਅਤੇ ਪੰਜਾਬੀ ਵਿਰਾਸਤ ਨਾਲ ਜੋੜਿਆ ਜਾਵੇ। ਇਸ ਵਿੱਚ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਗੁਰੂ ਗੋਬਿੰਦ ਸਿੰਘ ਜੀ ਤੱਕ ਦੀਆਂ ਬਾਣੀਆਂ ਦਾ ਡਿਜੀਟਲ ਡਾਟਾਬੇਸ, ਰੀਅਲ-ਟਾਈਮ ਅਨੁਵਾਦ ਟੂਲ ਅਤੇ ਯੁਵਕਾਂ ਲਈ ਸਰਟੀਫਿਕੇਟ ਕੋਰਸ ਬਣਾਏ ਜਾ ਸਕਦੇ ਹਨ।ਏਆਈ ਦੇ ਖਤਰਿਆਂ ਬਾਰੇ ਵੀ ਚਰਚਾ ਲਾਜ਼ਮੀ ਹੈ। ਏਆਈ ਫੇਕ ਵੀਡੀਓਜ਼, ਡੀਪਫੇਕ ਰਾਹੀਂ ਬੇਅਦਬੀ ਵਾਲੀਆਂ ਘਟਨਾਵਾਂ ਫੈਲਾ ਸਕਦਾ ਹੈ। ਧਰਮ ਪ੍ਰਚਾਰ ਕਮੇਟੀ ਨੂੰ ਕਾਨੂੰਨੀ ਮਾਹਰਾਂ ਨਾਲ ਮਿਲ ਕੇ ਏਆਈ ਰੈਗੂਲੇਸ਼ਨ ਲਈ ਆਵਾਜ਼ ਉਠਾਉਣੀ ਚਾਹੀਦੀ ਸੀ। ਬਜਟ ਵਿੱਚ ਇਸ ਲਈ ਕੋਈ ਵਿਸ਼ੇਸ਼ ਫੰਡ ਜਾਂ ਟਾਸਕ ਫੋਰਸ ਨਜ਼ਰ ਨਹੀਂ ਆਉਂਦੀ। ਬੇਅਦਬੀ ਦੇ ਮਾਮਲਿਆਂ ਵਿੱਚ SGPC ਨੇ ਅਕਸਰ ਰਵਾਇਤੀ ਤਰੀਕਿਆਂ ਨਾਲ ਹੀ ਕੰਮ ਲਿਆ ਹੈ, ਜਦਕਿ ਡਿਜੀਟਲ ਯੁੱਗ ਵਿੱਚ ਤੇਜ਼ ਰਿਸਪਾਂਸ ਅਤੇ ਟੈਕਨਾਲੋਜੀਕਲ ਟੂਲਜ਼ ਲੋੜੀਂਦੇ ਹਨ।

ਅੱਜ ਨਵੀਂ ਪੀੜ੍ਹੀ ਲਈ ਚੁਣੌਤੀਆਂ ਅਤੇ SGPC ਦੀਆਂ ਕੋਸ਼ਿਸ਼ਾਂ ਪੰਜਾਬ ਦੇ ਸਿੱਖ ਯੁਵਕ ਅੱਜ ਇੱਕ ਤਬਦੀਲੀ ਵਾਲੇ ਸਮੇਂ ਵਿੱਚ ਹਨ। ਇੱਕ ਪਾਸੇ ਗੁਰੂਆਂ ਦੀ ਵਰਸੋਈ ਧਰਤੀ ਦੀ ਮਹਾਨਤਾ, ਇਤਿਹਾਸ ਅਤੇ ਬਾਣੀ ਹੈ, ਦੂਜੇ ਪਾਸੇ ਗਲੋਬਲਾਈਜ਼ੇਸ਼ਨ, ਏਆਈ ਅਤੇ ਡਿਜੀਟਲ ਮੀਡੀਆ। ਬਹੁਤ ਸਾਰੇ ਯੁਵਕ ਧਰਮ ਤੋਂ ਦੂਰ ਹੋ ਰਹੇ ਹਨ ਕਿਉਂਕਿ ਧਰਮ ਪ੍ਰਚਾਰ ਰਵਾਇਤੀ ਰੂਪ ਵਿੱਚ (ਕਥਾ, ਕੀਰਤਨ) ਤੱਕ ਸੀਮਤ ਹੈ। ਯੂਟਿਊਬ, ਇੰਸਟਾਗ੍ਰਾਮ ਅਤੇ ਏਆਈ ਐਪਾਂ ਉਨ੍ਹਾਂ ਲਈ ਆਕਰਸ਼ਕ ਹਨ। SGPC ਨੂੰ ਇੱਕ ਵੱਡਾ ਸਿੱਖ ਧਰਮ ਐਂਡ ਪੰਜਾਬੀ ਵਿਰਾਸਤ ਰਿਸਰਚ ਇੰਸਟੀਚਿਊਟ ਖੋਲ੍ਹਣਾ ਚਾਹੀਦਾ ਹੈ ਜਿੱਥੇ ਗੁਰੂ ਬਾਣੀ ਦਾ ਏਆਈ-ਆਧਾਰਿਤ ਮਲਟੀ-ਲਿੰਗੂਅਲ ਅਨੁਵਾਦ ਅਤੇ ਐਕਸਪਲੇਨੇਸ਼ਨ ਟੂਲ ਤਿਆਰ ਕੀਤਾ ਜਾਵੇ। ਏਆਈ ਐਥਿਕਸ ਨੂੰ ਗੁਰੂ ਨਾਨਕ ਦੇਵ ਜੀ ਦੀਆਂ ਸਿਖਿਆਵਾਂ (ਇੱਕ ਓਅੰਕਾਰ, ਸਰਬਤ ਦਾ ਭਲਾ) ਨਾਲ ਜੋੜਿਆ ਜਾਵੇ। ਯੁਵਕਾਂ ਲਈ ਡਿਜੀਟਲ ਸਟੋਰੀਟੈਲਿੰਗ, ਐਨੀਮੇਸ਼ਨ ਅਤੇ ਵਰਚੁਅਲ ਰਿਐਲਿਟੀ ਰਾਹੀਂ ਸਿੱਖ ਇਤਿਹਾਸ ਸਿਖਾਇਆ ਜਾਵੇ। ਰੋਜ਼ਗਾਰ ਲਈ ਕੋਰਸ ਜਿਵੇਂ ਡਿਜੀਟਲ ਧਰਮ ਪ੍ਰਚਾਰ, ਏਆਈ ਭਾਸ਼ਾ ਮਾਡਲਿੰਗ ਅਤੇ ਪੰਜਾਬੀ ਕੰਟੈਂਟ ਕ੍ਰੀਏਸ਼ਨ ਚਲਾਏ ਜਾਣ।

ਇਸ ਇੰਸਟੀਚਿਊਟ ਲਈ ਬਜਟ ਵਿੱਚ ਘੱਟੋ-ਘੱਟ 50-100 ਕਰੋ

ਤਪਾ ਵਿਖੇ ਨਵੇਂ ਆਮ ਆਦਮੀ ਕਲੀਨਿਕ ਦਾ ਉਦਘਾਟਨ

ਤਪਾ ਮੰਡੀ, 28 ਮਾਰਚ (ਰਾਜੂ ਮਹਿਰਾ) : ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵਲੋਂ ਸੂਬੇ ਵਿਚ ਨਵੇਂ ਆਮ ਆਦਮੀ ਕਲੀਨਿਕਾਂ ਦਾ ਵਰਚੁਅਲ ਉਦਘਾਟਨ ਕੀਤਾ ਗਿਆ, ਜਿਨ੍ਹਾਂ ਵਿਚ ਤਪਾ ਦਾ ਆਮ ਆਦਮੀ ਕਲੀਨਿਕ ਵੀ ਸ਼ਾਮਲ ਹੈ।ਇਸ ਮੌਕੇ ਇਸਦਾ ਉਦਘਾਟਨ ਵਿਧਾਇਕ ਲਾਭ ਸਿੰਘ ਉੱਗੋਕੇ ਦੀ ਰਹਿਨੁਮਾਈ ਹੇਠ ਮਾਰਕੀਟ ਕਮੇਟੀ ਤਪਾ ਦੇ ਚੇਅਰਮੈਨ ਤਰਸੇਮ ਸਿੰਘ ਕਾਹਨੇਕੇ ਵਲੋਂ ਰੀਬਨ ਕੱਟ ਕੇ ਕੀਤਾ ਗਿਆ। ਇਹ ਆਮ ਆਦਮੀ ਕਲੀਨਿਕ ਖੱਟੜ ਪੱਤੀ ਪਾਰਕ, ਤਪਾ ਵਿਖੇ ਬਣਾਇਆ ਗਿਆ ਹੈ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਡਾਕਟਰ ਸੋਨਿਕਾ ਬਾਂਸਲ ਦੇ ਪਤੀ ਡਾਕਟਰ ਬਾਲ ਚੰਦ ਬਾਂਸਲ,ਜਸਵਿੰਦਰ ਸਿੰਘ ਚੱਠਾ (ਪ੍ਰਧਾਨ ਟਰੱਕ ਯੂਨੀਅਨ ਤਪਾ),ਕਿਸ਼ੋਰ ਬਾਵਾ, ਕਾਲਾ ਚੱਠਾ, ਜੱਸੀ ਪੁਰਬਾ ਤੋਂ ਇਲਾਵਾ ਐੱਸ ਐਮ ਓ ਤਪਾ ਡਾ. ਕੰਵਲਜੀਤ ਸਿੰਘ ਬਾਜਵਾ ਵੀ ਮੌਜੂਦ ਸਨ।

ਸਰਕਾਰੀ ਪ੍ਰਾਇਮਰੀ ਸਕੂਲ ਹੰਡਿਆਇਆ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ

ਬਰਨਾਲਾ, 28 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਹੰਡਿਆਇਆ ਵਿਖੇ ਸਰਬੱਤ ਦੇ ਭਲੇ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾ ਕੇ ਭੋਗ ਪਾਏ ਗਏ। ਗੁਰਦੁਆਰਾ ਪਾਤਸ਼ਾਹੀ ਨੌਵੀਂ ਹੰਡਿਆਇਆ ਦੇ ਹਜ਼ੂਰੀ ਰਾਗੀ ਭਾਈ ਹਰਵਿੰਦਰ ਸਿੰਘ ਜੀ ਦੇ ਜਥੇ ਨੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ । ਐਮ ਸੀ ਬਸਾਵਾ ਸਿੰਘ ਭਰੀ ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਏ। ਇਸ ਸਮਾਗਮ ਮੌਕੇ ਪਰਮਿੰਦਰ ਸਿੰਘ ਭੰਗੂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸਰਦਾਰ ਗੁਰਦੀਪ ਸਿੰਘ, ਨਿਰੰਜਨ ਸਿੰਘ ਪ੍ਰਧਾਨ, ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਐਂਡ ਸਿਵਲ ਸੋਸਾਇਟੀ ਬਰਨਾਲਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ, ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਜ਼ਿਲ੍ਹਾ ਬਰਨਾਲਾ ਦੇ ਸੀਨੀਅਰ ਮੀਤ ਪ੍ਰਧਾਨ ਹਰਮਨਜੀਤ ਸਿੰਘ ਰੁਪਾਲ ਅਤੇ ਸਕੱਤਰ ਅਵਤਾਰ ਸਿੰਘ ਲੀਲਾ, ਜਗਸੀਰ ਖਾਨ ਨੇ ਸੰਬੋਧਨ ਕਰਦੇ ਕਿਹਾ ਕਿ ਸਕੂਲ ਵੱਲੋਂ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ। ਉਨ੍ਹਾਂ ਨੇ ਕਿਹਾ ਕਿ ਸਕੂਲ ਮੁਖੀ ਤਰਵਿੰਦਰ ਸਿੰਘ ਦੀ ਅਗਵਾਈ ਹੇਠ ਸਮੁੱਚੇ ਸਟਾਫ਼ ਦੀ ਮਿਹਨਤ ਸਦਕਾ ਸਕੂਲ ਦਾ ਇਲਾਕੇ ਵਿੱਚ ਵਿਲੱਖਣ ਸਥਾਨ ਹੈ। ਇਸ ਮੌਕੇ ਅਵਤਾਰ ਸਿੰਘ ਹੰਡਿਆਇਆ, ਐਮ ਸੀ ਕੁਲਦੀਪ ਸਿੰਘ ਤਾਜਪੁਰੀਆ,ਰੂਪੀ ਕੌਰ ਐਮ ਸੀ. , ਅਵਤਾਰ ਸਿੰਘ ਸੋਨੀ, ਬਲਵੀਰ ਸਿੰਘ ਮਹਿਰਮੀਆਂ,,ਗੁਰਲਾਲ ਸਿੰਘ ਭਰੀ, ਇਕਬਾਲ ਸਿੰਘ ਭਰੀ, ਨਿਰੰਜਨ ਸਿੰਘ ਭਰੀ, ਜਗਦੀਸ਼ ਸਿੰਘ, ਬਲਦੇਵ ਸਿੰਘ ਭੁੱਚਰ, ਰਮਨਦੀਪ ਸਿੰਘ ਸੀ ਐਚ ਟੀ, ਜਸਵੀਰ ਸਿੰਘ ਸੀ ਐਚ ਟੀ,ਨਿਤਿਨ ਸੋਢੀ ਸੀ ਐਚ ਟੀ, ਅੰਗਰੇਜ਼ ਸਿੰਘ ਐਚ ਟੀ ਧੂਰਕੋਟ, ਕੁਲਦੀਪ ਸਿੰਘ ਐਚ ਟੀ ਅਸਪਾਲ, ਜਗਦੀਪ ਸਿੰਘ ਹੰਡਿਆਇਆ, ਜਸਪ੍ਰੀਤ ਸਿੰਘ ਰੂੜੇਕੇ ਕਲਾਂ,ਹੈੱਡ ਜੀ ਟੀ ਵੀ ਸਕੂਲ ਸਮੁੱਚਾ ਸਟਾਫ,ਧਨੌਲਾ ਖੁਰਦ ਸਮੁੱਚਾ ਸਟਾਫ,ਖੁੱਡੀ ਕਲਾਂ ਸਮੁੱਚਾ ਸਟਾਫ,ਬੀਕਾ ਸੂਚ ਪੱਤੀ ਸਮੁੱਚਾ ਸਟਾਫ, ਕੋਠੇ ਸੈਦੋਂ ਸਕੂਲ ਸਮੁੱਚਾ ਸਟਾਫ, ਪ੍ਰਿੰਸੀਪਲ ਵਾਈ ਐਸ ਸਕੂਲ ਮੋਹਿਤ ਜਿੰਦਲ ਆਦਿ ਨੇ ਵੀ ਹਾਜ਼ਰੀ ਲਗਵਾਈ।

ਸਰਕਾਰੀ ਪ੍ਰਾਇਮਰੀ ਸਕੂਲ ਕੋਠੇ ਸੈਦੋ ਵਿਖੇ ਨਤੀਜਾ ਦਿਵਸ ਮੌਕੇ ਹੁਸ਼ਿਆਰ ਵਿਦਿਆਰਥੀ ਸਨਮਾਨਿਤ

ਬਰਨਾਲਾ, 28 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਕੋਠੇ ਸੈਦੋ ਬਰਨਾਲਾ ਵਿਖੇ ਰਿਜ਼ਲਟ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਦੀ ਹੈਡ ਟੀਚਰ ਨਿਸ਼ੀ ਰਾਣੀ ਨੇ ਜਾਣਕਾਰੀ ਦਿੰਦੇ ਨੇ ਦੱਸਿਆ ਕਿ ਸਕੂਲ ਦੇ ਪਹਿਲੀ ਤੋਂ ਪੰਜਵੀਂ ਤੱਕ ਦੇ 107 ਵਿਦਿਆਰਥੀਆਂ ਦਾ ਨਤੀਜਾ ਘੋਸ਼ਿਤ ਕੀਤਾ ਗਿਆ ਅਤੇ ਸਾਰੇ ਬੱਚੇ ਹੀ ਵਧੀਆ ਅੰਕ ਲੈ ਕੇ ਪਾਸ ਹੋਏ। ਇਸ ਮੌਕੇ ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਐਂਡ ਸਿਵਲ ਸੁਸਾਇਟੀ ਬਰਨਾਲਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ, ਦਫ਼ਤਰ ਸਕੱਤਰ ਜਗਸੀਰ ਸਿੰਘ ਤੇ ਕੁਲਵਿੰਦਰ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚੇ। ਉਨਾਂ ਹਰ ਕਲਾਸ ਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ । ਇਸ ਦੌਰਾਨ ਵਿਦਿਆਰਥੀਆਂ ਦੇ ਸਨਮਾਨ ਸਮਾਰੋਹ ਨੂੰ ਸਫ਼ਲਤਾ ਪੂਰਵਕ ਸੰਪੰਨ ਕਰਨ 'ਚ ਮੈਡਮ ਗੁਰਮੀਤ ਕੌਰ ਨੇ ਵਿਸ਼ੇਸ਼ ਭੂਮਿਕਾ ਨਿਭਾਈ। ਉਹਨਾਂ ਸਕੂਲ 'ਚ ਪਹੁੰਚੇ ਮਹਿਮਾਨਾਂ ਨੂੰ ਜੀ ਆਇਆ ਕਿਹਾ। ਇਸ ਮੌਕੇ ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਐਂਡ ਸਿਵਲ ਸੁਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਮਾਂ ਬਾਪ ਅਤੇ ਅਧਿਆਪਕਾਂ ਦਾ ਆਗਿਆਕਾਰੀ ਬਣਨਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਅਤੇ ਅਧਿਆਪਕਾਂ ਨੂੰ ਬੇਨਤੀ ਕੀਤੀ ਕਿ ਉਹ ਵਿਦਿਆਰਥੀਆਂ ਅੰਦਰ ਚੰਗੇ ਸੰਸਕਾਰ ਪੈਦਾ ਕਰਨ। ਇਸ ਮੌਕੇ ਸਾਰੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਲੱਡੂ ਵੰਡੇ ਗਏ। ਇਸ ਮੌਕੇ ਸਕੂਲ ਦੀ ਮੁੱਖ ਅਧਿਆਪਕਾ ਨਿਸੀ ਰਾਣੀ ਨੇ ਬਾਹਰੋਂ ਆਏ ਮਹਿਮਾਨਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ। ਇਸ ਦੌਰਾਨ ਸਕੂਲ ਵੱਲੋਂ ਹੈੱਡ ਟੀਚਰ ਨਿਸ਼ੀ ਰਾਣੀ , ਸੀਨੀਅਰ ਟੀਚਰ ਮੈਡਮ ਗੁਰਮੀਤ ਕੌਰ, ਅਮਨਦੀਪ ਕੌਰ, ਕੁਲਜੀਤ ਕੌਰ ਅਤੇ ਸਹਿਯੋਗੀ ਮੈਂਬਰ ਲਖਵੀਰ ਸਿੰਘ ਜਗਤਾਰ ਸਿੰਘ ਅਤੇ ਕੁਲਵਿੰਦਰ ਸਿੰਘ ਹਾਜ਼ਰ ਸਨ। ਸਨਮਾਨ ਸਮਾਰੋਹ ਨਿੱਘੀਆਂ ਅਤੇ ਮਿਠੀਆਂ ਯਾਦਾਂ ਛੱਡਦਾ ਹੋਇਆ ਸਫ਼ਲਤਾ ਪੂਰਵਕ ਸੰਪੰਨ ਹੋਇਆ।

ਭਗਵਾਨ ਸ੍ਰੀ ਰਾਮ ਚੰਦਰ ਜੀ ਵੱਲੋਂ ਦਰਸਾਏ ਹੋਏ ਰਸਤੇ 'ਤੇ ਚੱਲ ਕੇ ਜੀਵਨ ਸਫ਼ਲ ਹੁੰਦੈ : ਕਥਾਵਾਚਕ ਸੁਧੀਰ

ਤਪਾ ਮੰਡੀ, 28 ਮਾਰਚ (ਭੂਸ਼ਨ ਘੜੈਲਾ) : ਸਥਾਨਕ ਸ੍ਰੀ ਗੀਤਾ ਭਵਨ ਕਮੇਟੀ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਚੇਤ ਮਹੀਨੇ ਦੇ ਨਵਰਾਤਿਆਂ ਨੂੰ ਮੁੱਖ ਰੱਖਦਿਆਂ ਹੋਇਆਂ ਸ੍ਰੀ ਰਾਮ ਕਥਾ ਕਰਵਾਈ ਗਈ ਜਿਸ ਦੇ ਅਖੀਰਲੇ ਦਿਨ ਸ੍ਰੀ ਰਾਮ ਨੌਮੀ ਮੌਕੇ ਹਵਨ ਕਰਕੇ ਪ੍ਰਬੰਧਕਾਂ ਨੇ ਪੂਰਨ ਅਹੂਤੀ ਪਾਈ ਅਤੇ ਭਗਵਾਨ ਸ੍ਰੀ ਰਾਮ ਚੰਦਰ ਜੀ ਦੀ ਆਰਤੀ ਦਾ ਗੁਣਗਾਨ ਕੀਤਾ ਸ੍ਰੀ ਰਾਮ ਕਥਾ ਵਿੱਚ ਕਥਾਵਾਚਕ ਸੁਧੀਰ ਜੀ ਨੇ ਰਸ ਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਇਸ ਮੌਕੇ ਸ੍ਰੀ ਗੀਤਾ ਭਵਨ ਕਮੇਟੀ ਦੇ ਪ੍ਰਧਾਨ ਅਤੇ ਨਗਰ ਕੌਂਸਲ ਤਪਾ ਦੇ ਸਾਬਕਾ ਪ੍ਰਧਾਨ ਆਸ਼ੂ ਭੂਤ ਨੇ ਸ੍ਰੀ ਰਾਮ ਨੌਮੀ ਦੇ ਦਿਹਾੜੇ ਦੀ ਵਧਾਈ ਦਿੰਦੇ ਹੋਏ ਸ਼ਹਿਰ ਨਿਵਾਸੀਆਂ ਅਤੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਇਸ ਮੌਕੇ ਕਮੇਟੀ ਵੱਲੋਂ ਕਥਾਵਾਚਕ ਸਧੀਰ ਜੀ ਦਾ ਸਨਮਾਨ ਕੀਤਾ ਗਿਆ। ਕਥਾ ਵਾਚਕ ਸਧੀਰ ਜੀ ਨੇ ਪ੍ਰਵਚਨ ਕਰਦਿਆਂ ਹੋਇਆਂ ਕਿਹਾ ਕਿ ਭਗਵਾਨ ਸ੍ਰੀ ਰਾਮ ਜੀ ਦੀ ਸਤੁਤੀ ਕਰਨ ਦੇ ਨਾਲ ਦੁੱਖ ਕਸ਼ਟ ਦੂਰ ਹੁੰਦੇ ਹਨ ਅਤੇ ਮਨ ਨੂੰ ਸ਼ਾਂਤੀ ਅਤੇ ਸਕੂਨ ਮਿਲਦਾ ਹੈ। ਇਸ ਲਈ ਭਗਵਾਨ ਸ੍ਰੀ ਰਾਮ ਚੰਦਰ ਜੀ ਵੱਲੋਂ ਦੱਸੇ ਹੋਏ ਰਸਤੇ 'ਤੇ ਚੱਲ ਕੇ ਜੀਵਨ ਸਫਲਾ ਕਰਨਾ ਚਾਹੀਦਾ ਹੈ। ਸਮਾਗਮ ਦੇ ਅੰਤ ਵਿੱਚ ਪ੍ਰਬੰਧਕਾਂ ਵੱਲੋਂ ਉਹ ਅਤੁੱਟ ਭੰਡਾਰਾ ਵਰਤਾਇਆ ਗਿਆ। ਇਸ ਮੌਕੇ ਅਸ਼ਵਨੀ ਕੁਮਾਰ ਆਸ਼ੂ ਭੂਤ, ਸੰਜੀਵ ਕੁਮਾਰ ਟਾਂਡਾ, ਕੇਵਲ ਕ੍ਰਿਸ਼ਨ, ਡਾਕਟਰ ਮੱਲ ਦੀਕਸ਼ਿਤ, ਪ੍ਰੇਮ ਭਾਰਤੀ, ਕੌਂਸਲਰ ਧਰਮਪਾਲ ਸ਼ਰਮਾ, ਸਾਬਕਾ ਕੌਂਸਲਰ ਲਤਾ ਸ਼ਰਮਾ, ਸਪਨਾ ਗਰਗ, ਸਾਬਕਾ ਪ੍ਰਧਾਨ ਰਕੇਸ਼ ਕੁਮਾਰ ਟੋਨਾ, ਲਿਪਟ ਗੁਪਤਾ, ਨਰੇਸ਼ ਕੁਮਾਰ ਭੂਤ, ਸਾਬਕਾ ਕੌਂਸਲਰ ਬੁੱਧ ਰਾਮ ਕਾਲਾ, ਵਿਸ਼ਾਲ ਬਬਲਾ, ਦੀਪਕ ਗਰਗ ਦੀਪੂ ਭੈਣੀ, ਰਿੰਕੂ ਮੌੜ, ਸੁਨੀਲ ਕੁਮਾਰ ਤਾਜੋ, ਰਾਜੇਸ਼ ਜੈਸੀ, ਗੀਤਾ ਭਵਨ ਦੇ ਪੁਜਾਰੀ ਕਾਲਾ ਰਾਮ ਵੇਦ ਪਾਠੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

ਭੱਦਲਵੱਡ ਨੇੜੇ ਨਾਕਾਬੰਦੀ ਦੌਰਾਨ ਵਿਅਕਤੀ ਦੇਸੀ ਰਿਵਾਲਵਰ ਤੇ ਕਾਰਤੂਸ ਸਮੇਤ ਕਾਬੂ

ਬਰਨਾਲਾ, 28 ਮਾਰਚ (ਬਘੇਲ ਸਿੰਘ ਧਾਲੀਵਾਲ) : ਸੀ.ਆਈ.ਏ. ਸਟਾਫ ਬਰਨਾਲਾ ਵੱਲੋਂ ਪਿੰਡ ਭੱਦਲਵੱਡ ਨਜ਼ਦੀਕ ਠੀਕਰੀਵਾਲਾ ਰੋਡ 'ਤੇ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸ ਕੋਲੋਂ 32 ਬੋਰ ਦਾ ਦੇਸੀ ਰਿਵਾਲਵਰ ਅਤੇ 5 ਜਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ। ਇਸ ਸਬੰਧੀ ਥਾਣਾ ਸਦਰ ਬਰਨਾਲਾ ਵੱਲੋਂ ਮਾਮਲਾ ਦਰਜ ਕਰ ਲਿਆ ਗਿਆ ਹੈ। ਜਾਣਕਾਰੀ ਦਿੰਦਿਆਂ ਏ.ਐਸ.ਆਈ. ਨੈਬ ਸਿੰਘ ਨੇ ਦੱਸਿਆ ਕਿ ਪੁਲਿਸ ਦੇ ਉੱਚ ਅਧਿਕਾਰੀਆਂ ਦੀਆਂ ਸਖ਼ਤ ਹਦਾਇਤਾਂ ਅਨੁਸਾਰ ਜ਼ਿਲ੍ਹਾ ਬਰਨਾਲਾ ਵਿੱਚ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਇਲਾਕੇ ਵਿੱਚ ਕਾਨੂੰਨ-ਵਿਵਸਥਾ ਨੂੰ ਕਾਇਮ ਰੱਖਣਾ ਅਤੇ ਅਮਨ-ਸ਼ਾਂਤੀ ਨੂੰ ਬਰਕਰਾਰ ਰੱਖਣਾ ਹੈ। ਉਨ੍ਹਾਂ ਦੱਸਿਆ ਕਿ ਪੁਲਿਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਬੂਟਾ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ ਮਾਨ ਪੱਤੀ ਠੀਕਰੀਵਾਲਾ, ਪਿੰਡ ਠੀਕਰੀਵਾਲਾ ਤੋਂ ਭੱਦਲਵੱਡ ਵੱਲ ਜਾਣ ਵਾਲੀ ਸੜਕ 'ਤੇ ਡਰੇਨ ਨੇੜੇ ਆ ਰਿਹਾ ਹੈ। ਸੂਚਨਾ ਦੇ ਆਧਾਰ 'ਤੇ ਤੁਰੰਤ ਨਾਕਾਬੰਦੀ ਕਰਕੇ ਉਕਤ ਵਿਅਕਤੀ ਨੂੰ ਰੋਕ ਕੇ ਤਲਾਸ਼ੀ ਲਈ ਗਈ। ਤਲਾਸ਼ੀ ਦੌਰਾਨ ਉਸ ਕੋਲੋਂ 32 ਬੋਰ ਦਾ ਦੇਸੀ ਰਿਵਾਲਵਰ ਅਤੇ 5 ਜਿੰਦਾ ਕਾਰਤੂਸ ਬਰਾਮਦ ਹੋਏ, ਜਿਸ ਤੋਂ ਬਾਅਦ ਉਸ ਨੂੰ ਤੁਰੰਤ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਿਸ ਵੱਲੋਂ ਉਸ ਖ਼ਿਲਾਫ਼ ਅਸਲਾ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਸ ਤਰ੍ਹਾਂ ਦੀਆਂ ਕਾਰਵਾਈਆਂ ਅੱਗੇ ਵੀ ਜਾਰੀ ਰਹਿਣਗੀਆਂ ਅਤੇ ਇਲਾਕੇ ਵਿੱਚ ਗੈਰ-ਕਾਨੂੰਨੀ ਗਤੀਵਿਧੀਆਂ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਪੁਲਿਸ ਨੂੰ ਜਾਣਕਾਰੀ ਦੇਣ, ਤਾਂ ਜੋ ਸਮੇਂ ਸਿਰ ਕਾਰਵਾਈ ਕਰਕੇ ਅਪਰਾਧ ਨੂੰ ਰੋਕਿਆ ਜਾ ਸਕੇ।

ਥਾਣਾ ਮੁਖੀ ਨੇ ਮਿੰਨੀ ਬੱਸਾਂ 'ਤੇ ਲੱਗੇ ਪ੍ਰੈਸ਼ਰ ਹਾਰਨ ਉਤਰਵਾਏ

ਤਪਾ ਮੰਡੀ, 28 ਮਾਰਚ (ਰਾਜੂ ਮਹਿਰਾ) : ਟਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਤਪਾ ਪੁਲਿਸ ਨੇ ਸਖ਼ਤ ਰਵੱਈਆ ਅਖ਼ਤਿਆਰ ਕਰਦਿਆਂ ਮਿੰਨੀ ਬੱਸਾਂ 'ਤੇ ਲੱਗੇ ਪ੍ਰੈਸ਼ਰ ਹਾਰਨ ਅਤੇ ਬੁਲੇਟ ਮੋਟਰਸਾਈਕਲਾਂ 'ਤੇ ਲੱਗੇ ਸਲੰਸਰਾਂ 'ਤੇ ਵੱਡੀ ਕਾਰਵਾਈ ਕੀਤੀ। ਪੁਲਿਸ ਨੇ ਮਿੰਨੀ ਬੱਸਾਂ ਦੇ ਲੱਗੇ ਪ੍ਰੈਸ਼ਰ ਹਾਰਨ ਅਤੇ ਸਲੰਸਰਾਂ ਨੂੰ ਮੌਕੇ @ਤੇ ਲਹਾ ਕੇ ਤਬਾਹ ਕਰਵਾਇਆ ਤੇ ਲੋਕਾਂ ਨੂੰ ਸਖ਼ਤ ਸੁਨੇਹਾ ਦਿੱਤਾ ਕਿ ਕਾਨੂੰਨ ਦੀ ਉਲੰਘਣਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਥਾਣਾ ਮੁਖੀ ਸ਼ਗੀਫ ਖ਼ਾਨ ਨੇ ਦੱਸਿਆ ਕਿ ਸ਼ਹਿਰ ਵਿਚ ਬੁਲੇਟ ਮੋਟਰਸਾਈਕਲਾਂ 'ਤੇ ਲੱਗੇ ਸਲੰਸਰ ਅਤੇ ਮਿੰਨੀ ਬੱਸਾਂ ਤੇ ਲੱਗੇ ਪ੍ਰੈਸ਼ਰ ਹਾਰਨ ਜਿਨਾਂ ਨੂੰ ਚਲਾਉਣ ਤੇ ਧਮਾਕੇਦਾਰ ਆਵਾਜ਼ ਪੈਦਾ ਹੁੰਦੀ ਹੈ। ਇਹ ਪ੍ਰੈਸ਼ਰ ਹਾਰਨ ਅਤੇ ਸਲੰਸਰ ਨਾ ਸਿਰਫ਼ ਧੁਨੀ ਪ੍ਰਦੂਸ਼ਨ ਵਧਾਉਂਦੇ ਹਨ, ਬਲਕਿ ਸ਼ਹਿਰੀਆਂ ਦੀ ਸੁਰੱਖਿਆ ਲਈ ਵੀ ਖ਼ਤਰਾ ਬਣਦੇ ਹਨ। ਉਨ੍ਹਾਂ ਕਿਹਾ ਕਿ ਇਹ ਸਲੰਸਰ ਨਾ ਸਿਰਫ਼ ਟਰੈਫ਼ਿਕ ਨਿਯਮਾਂ ਦੀ ਉਲੰਘਣਾ ਹਨ, ਸਗੋਂ ਆਮ ਲੋਕਾਂ ਨੂੰ ਪ੍ਰੇਸ਼ਾਨ ਕਰਨ ਵਾਲੇ ਹਨ । ਪੁਲਿਸ ਨੇ ਸ਼ਰ੍ਹੇਆਮ ਇਹ ਕਾਰਵਾਈ ਇਸ ਲਈ ਕੀਤੀ ਤਾਂ ਜੋ ਹੋਰ ਮੋਟਰਸਾਈਕਲ ਸਵਾਰ,ਮਿੰਨੀ ਬੱਸਾਂ ਵਾਲੇ ਅਤੇ ਹੋਰ ਵਾਹਨ ਚਾਲਕ ਵੀ ਸਬਕ ਲੈਣ ਅਤੇ ਭਵਿੱਖ ਵਿਚ ਅਜਿਹੀਆਂ ਗੈਰ-ਕਾਨੂੰਨੀ ਤਰਕੀਬਾਂ ਤੋਂ ਬਚਣ। ਇਸ ਦੌਰਾਨ ਤਪਾ ਤਾਜੋ ਕੈਂਚੀਆਂ ਵਿਚ ਵੱਡੀ ਗਿਣਤੀ ਵਿਚ ਲੋਕ ਇਕੱਠੇ ਹੋ ਗਏ ਅਤੇ ਪੁਲਿਸ ਦੀ ਕਾਰਵਾਈ ਨੂੰ ਸਰਾਹਿਆ। ਲੋਕਾਂ ਦਾ ਕਹਿਣਾ ਸੀ ਕਿ ਵੱਡੇ ਵਾਹਨਾਂ ਤੇ ਲੱਗੇ ਪ੍ਰੈਸ਼ਰ ਹੋਰਨ ਤੇ ਬੁਲੇਟ ਦੇ ਪਟਾਕੇ ਵਾਲੇ ਸਲੰਸਰਾਂ ਕਾਰਨ ਉਨ੍ਹਾਂ ਨੂੰ ਕਾਫ਼ੀ ਸਮੇਂ ਤੋਂ ਪ੍ਰਸ਼ਾਨੀ ਸੀ, ਜਿਸ ਨਾਲ ਬਜ਼ੁਰਗਾਂ ਅਤੇ ਬੱਚਿਆਂ ਲਈ ਵਾਧੂ ਮੁਸੀਬਤ ਪੈਦਾ ਹੁੰਦੀ ਸੀ। ਇਸ ਮੌਕੇ ਸਹਾਇਕ ਥਾਣੇਦਾਰ ਹਰਦੀਪ ਸਿੰਘ, ਹੌਲਦਾਰ ਇਕਬਾਲ ਸਿੰਘ ਆਦਿ ਮੌਜੂਦ ਸਨ।

ਯੂਨੀਵਰਸਿਟੀ ਕਾਲਜ ਢਿੱਲਵਾਂ ਵਿੱਚ ਸਾਲਾਨਾ ਐਥਲੈਟਿਕਸ ਮੀਟ ਕਰਵਾਈ

ਤਪਾ\ਬਰਨਾਲਾ, 28 ਮਾਰਚ (ਬਘੇਲ ਸਿੰਘ ਧਾਲੀਵਾਲ) : ਯੂਨੀਵਰਸਿਟੀ ਕਾਲਜ, ਢਿੱਲਵਾਂ ਵਿੱਚ ਸਲਾਨਾ ਅਥਲੈਟਿਕਸ ਮੀਟ ਕਰਵਾਈ ਗਈ। ਸਮਾਗਮ ਦੇ ਸ਼ੁਰੂ ਵਿੱਚ

ਚੋਰਾਂ ਦੇ ਹੌਸਲੇ ਬੁਲੰਦ: ਰੇਹੜੀ ਤੋਂ ਲੈ ਕੇ ਪਸ਼ੂਆਂ ਤੱਕ ਦੀ ਚੋਰੀ

ਬਠਿੰਡਾ, 28 ਮਾਰਚ (ਦੀਪਕ ਸ਼ਰਮਾ) : ਬਠਿੰਡਾ ਜ਼ਿਲ੍ਹੇ ਵਿੱਚ ਚੋਰੀ ਦੀਆਂ ਵੱਧ ਰਹੀਆਂ ਘਟਨਾਵਾਂ ਨੇ ਪੁਲਿਸ ਦੀ ਕਾਰਜਪ੍ਰਣਾਲੀ 'ਤੇ ਸਵਾਲੀਆ ਨਿਸ਼ਾਨ ਲਗਾ ਦਿੱਤੇ ਹਨ। ਬੀਤੇ ਦਿਨੀਂ ਚੋਰਾਂ ਨੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਪੰਜ ਵੱਖ-ਵੱਖ ਥਾਵਾਂ 'ਤੇ ਵਾਰਦਾਤਾਂ ਨੂੰ ਅੰਜਾਮ ਦੇ ਕੇ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਚੋਰਾਂ ਨੇ ਨਾ ਸਿਰਫ਼ ਘਰਾਂ, ਸਗੋਂ ਧਾਰਮਿਕ ਅਸਥਾਨਾਂ ਅਤੇ ਗਰੀਬਾਂ ਦੀਆਂ ਰੇਹੜੀਆਂ ਨੂੰ ਵੀ ਨਹੀਂ ਬਖ਼ਸ਼ਿਆ। ਪੁਲਿਸ ਨੇ ਇੱਕ ਮਾਮਲੇ ਵਿੱਚ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਦਾ ਦਾਅਵਾ ਕੀਤਾ ਹੈ, ਜਦਕਿ ਬਾਕੀ ਮਾਮਲਿਆਂ ਵਿੱਚ ਜਾਂਚ ਜਾਰੀ ਹੈ।ਪਹਿਲੀ ਘਟਨਾ ਮਾਡਲ ਟਾਊਨ ਫੇਜ਼-3 ਦੇ ਦਾਦੀ-ਪੋਤੀ ਪਾਰਕ ਕੋਲ ਵਾਪਰੀ, ਜਿੱਥੇ ਪ੍ਰੈਰੰਗਲ ਸਿੰਗਲਾ ਨਾਮੀ ਮਹਿਲਾ ਦੀ ਫਾਸਟ ਫੂਡ ਰੇਹੜੀ ਵਿੱਚੋਂ ਚੋਰ ਗੈਸ ਸਿਲੰਡਰ, ਭੱਠੀ ਅਤੇ ਦੋ ਬੈਟਰੀਆਂ ਚੋਰੀ ਕਰ ਲੈ ਗਏ। ਦੂਜੀ ਵਾਰਦਾਤ ਅਕਾਲਗੜ੍ਹ ਮੁਹੱਲਾ ਸਥਿਤ ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਹੋਈ, ਜਿੱਥੇ ਦੋ ਨਾਬਾਲਗ ਨੌਜਵਾਨ ਗੋਲਕ ਵਿੱਚੋਂ ਨਕਦੀ ਅਤੇ ਮਾਈਕ੍ਰੋਫੋਨ ਸਿਸਟਮ ਚੋਰੀ ਕਰਦੇ ਸੀਸੀਟੀਵੀ ਵਿੱਚ ਕੈਦ ਹੋਏ ਹਨ। ਤੀਜੀ ਘਟਨਾ ਰੇਲਵੇ ਕਲੋਨੀ ਦੇ ਰਾਜ ਕਿਸ਼ੋਰ ਦੇ ਘਰ ਵਾਪਰੀ, ਜਿੱਥੋਂ ਚੋਰ 3.60 ਲੱਖ ਰੁਪਏ ਦੇ ਗਹਿਣੇ ਅਤੇ ਨਕਦੀ ਉਡਾ ਲੈ ਗਏ। ਚੌਥੀ ਘਟਨਾ ਪਿੰਡ ਮਹਿਮਾ ਸਵਾਈ ਦੀ ਹੈ, ਜਿੱਥੇ ਦਵਿੰਦਰ ਸਿੰਘ ਦੇ ਵਾੜੇ ਵਿੱਚੋਂ ਪਿੱਕਅੱਪ ਗੱਡੀ ਸਵਾਰ ਚੋਰ ਦੋ ਮੱਝਾਂ ਚੋਰੀ ਕਰ ਕੇ ਫ਼ਰਾਰ ਹ�و ਗਏ।ਪੰਜਵੀਂ ਘਟਨਾ ਵਿੱਚ ਮੌੜ ਇਲਾਕੇ ਦੀ ਇੱਕ ਦੁਕਾਨ ਵਿੱਚੋਂ 40 ਹਜ਼ਾਰ ਰੁਪਏ ਚੋਰੀ ਹੋਏ ਸਨ, ਜਿਸ ਵਿੱਚ ਪੁਲਿਸ ਨੇ ਮੁਸਤੈਦੀ ਦਿਖਾਉਂਦੇ ਹੋਏ ਗੁਰਪ੍ਰਤਾਪ ਸਿੰਘ ਨਾਮੀ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਸ਼ਹਿਰ ਨਿਵਾਸੀਆਂ ਨੇ ਪੁਲਿਸ ਤੋਂ ਰਾਤ ਦੀ ਗਸ਼ਤ ਵਧਾਉਣ ਦੀ ਮੰਗ ਕੀਤੀ ਹੈ।

ਭਾਰਤੀ ਹਾਕਮ 23 ਮਾਰਚ ਦੇ ਸ਼ਹੀਦਾਂ ਦੇ ਬੁੱਤਾਂ ਨੂੰ ਹਾਰ ਤਾਂ ਪਹਿਨਾਉਂਦੇ ਹਨ, ਪਰ ਉਹਨਾਂ ਦੇ ਵਿਚਾਰਾਂ ਨੂੰ ਨਹੀਂ ਅਪਣਾਉਂਦੇ : ਪ੍ਰੋ ਜਗਮੋਹਨ/ਐਡਵੋਕੇਟ ਜ਼ੀਰਖ

ਲੁਧਿਆਣਾ, 28 ਮਾਰਚ (ਰਵਿੰਦਰ ਸਿੰਘ ਨਿੱਝਰ) : ਵੱਖ ਵੱਖ ਜਥੇਬੰਦੀਆਂ ਵੱਲੋਂ ਸਥਾਨਕ ਜ਼ਿਲ੍ਹਾ ਕਚਹਿਰੀ ਵਿਖੇ ਸਥਿਤ ਪੈਨਸ਼ਨਰ ਭਵਨ ਵਿੱਚ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਚਾਰ ਚਰਚਾ ਦਾ ਆਯੋਜਨ ਕੀਤਾ ਗਿਆ। ਪ੍ਰੋ ਜਗਮੋਹਨ ਸਿੰਘ, ਹਰਪ੍ਰੀਤ ਜ਼ੀਰਖ, ਰਮਨਜੀਤ ਸੰਧੂ , ਜਸਵੰਤ ਜ਼ੀਰਖ, ਕਸਤੂਰੀ ਲਾਲ ਦੀ ਪ੍ਰਧਾਨਗੀ ਹੇਠ ਹੋਏ ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਜਨਤਕ ਜਮਹੂਰੀ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ।ਪ੍ਰੋਗਰਾਮ ਦੀ ਸ਼ੁਰੂਆਤ ਕਸਤੂਰੀ ਲਾਲ ਅਤੇ ਸਤੀਸ਼ ਸੱਚਦੇਵਾ ਵੱਲੋਂ ਗਾਏ ਇਨਕਲਾਬੀ ਗੀਤਾਂ ਉਪਰੰਤ ਸ਼ਹੀਦਾਂ ਨੂੰ ਫੁੱਲ ਭੇਂਟ ਕਰਨ ਨਾਲ ਹੋਈ। ਇਸ ਸਮੇਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਬੁਲਾਰਿਆਂ ਐਡਵੋਕੇਟ ਹਰਪ੍ਰੀਤ ਜ਼ੀਰਖ ਅਤੇ ਪ੍ਰੋਫੈਸਰ ਜਗਮੋਹਨ ਸਿੰਘ ਨੇ ਕਿਹਾ ਕਿ ਸ਼ਹੀਦਾਂ ਦੇ ਦਿਨ ਮਨਾਉਣਾ ਮਹਿਜ਼ ਇੱਕ ਰਸਮ ਬਣ ਕੇ ਨਾ ਰਹਿ ਜਾਵੇ , ਸਗੋਂ ਸ਼ਹੀਦਾਂ ਦਾ ਦਿਨ ਉਨ੍ਹਾਂ ਵੱਲੋਂ ਚਿਤਵੇ ਲੁੱਟ ਰਹਿਤ ਸਮਾਜ ਸਿਰਜਣ ਦੇ ਕਾਰਜ ਨੂੰ ਅੱਗੇ ਤੋਰਨ ਵਜੋਂ ਹੋਣਾ ਚਾਹੀਦਾ ਹੈ । ਸ਼ਹੀਦ ਭਗਤ ਸਿੰਘ ਜੋ ਕਿ ਗਦਰੀ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਰੂਸੀ ਇਨਕਲਾਬੀ ਆਗੂ ਲੈਨਿਨ ਨੂੰ ਆਪਣਾ ਆਦਰਸ਼ ਮੰਨਦਾ ਸੀ ਅਤੇ ਰੂਸ ਵਾਂਗ ਭਾਰਤ ਵਿੱਚ ਵੀ ਇਨਕਲਾਬ ਰਾਹੀਂ ਸਮਾਜਵਾਦ ਸਥਾਪਿਤ ਕਰਨਾ ਚਾਹੁੰਦਾ ਹੈ । ਹਰਪ੍ਰੀਤ ਜ਼ੀਰਖ ਨੇ ਮੁਗਲ ਰਾਜ ਵੇਲੇ ਤੋਂ ਅੱਜ ਤੱਕ ਦਾ ਇਤਿਹਾਸਿਕ ਪਿਛੋਕੜ ਸਾਂਝਾ ਕਰਦਿਆਂ ਹਕੂਮਤੀ ਜ਼ੁਲਮਾਂ ਖਿਲਾਫ ਵੱਖ ਗੁਰੂਆਂ ਅਤੇ ਉਹਨਾਂ ਤੋਂ ਬਾਅਦ ਗਦਰ ਲਹਿਰ ਸਮੇਤ 23 ਮਾਰਚ ਦੇ ਸ਼ਹੀਦਾਂ ਵੱਲੋਂ ਸਾਮਰਾਜੀ ਲੁੱਟ ਖ਼ਿਲਾਫ਼ ਨਿਭਾਈ ਸ਼ਾਨਾਮੱਤੀ ਭੂਮਿਕਾ ਨੂੰ ਬਾਖੂਬੀ ਪੇਸ਼ ਕੀਤਾ । ਉਹਨਾਂ ਮੌਜੂਦਾ ਭਾਰਤੀ ਹਾਕਮਾਂ ਦੀ ਅੰਗਰੇਜ਼ਾਂ ਨਾਲ ਤੁਲਨਾ ਕਰਦਿਆਂ ਕਿਹਾ ਕਿ ਇਹ ਸ਼ਹੀਦਾਂ ਦੇ ਬੁੱਤਾਂ ਨੂੰ ਹਾਰ ਤਾਂ ਪਹਿਨਾਉਂਦੇ ਹਨ ਪਰ ਉਹਨਾਂ ਦੀ ਵਿਚਾਰ ਅਪਨਾਉਣ ਤੋਂ ਭੱਜਦੇ ਹਨ ।ਇਸ ਦਾ ਸਬੂਤ ਅੰਗਰੇਜ਼ੀ ਰਾਜ ਤੋਂ ਵੀ ਖਤਰਨਾਕ ਕਾਨੂੰਨ ਅੱਜ ਵੀ ਭਾਰਤ ਵਿੱਚ ਲਾਗੂ ਕਰਨ ਤੋਂ ਮਿਲਦਾ ਹੈ,ਜਿਹਨਾਂ ਰਾਹੀਂ ਸਰਕਾਰ ਦੀ ਅਲੋਚਨਾ ਕਰਨ ਵਾਲੇ ਲੇਖਕਾਂ/ਬੁੱਧੀਜੀਵਿਆਂ/ਪੱਤਰਕਾਰਾਂ/ਸਮਾਜਿਕ ਕਾਰਕੁਨਾਂ 'ਤੇ ਝੂਠੇ ਕੇਸ ਦਰਜ ਕਰਕੇ ਜੇਲ੍ਹਾਂ ਵਿੱਚ ਬੰਦ ਕੀਤਾ ਜਾ ਰਿਹਾ । ਪ੍ਰੋ ਜਗਮੋਹਨ ਸਿੰਘ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਨੇ ਇਨਕਲਾਬ ਜ਼ਿੰਦਾਬਾਦ ਦੇ ਨਾਲ ਸਾਮਰਾਜਵਾਦ ਮੁਰਦਾਬਾਦ ਦਾ ਨਾਅਰਾ ਵੀ ਦਿੱਤਾ ਸੀ ,ਪਰ ਮੌਜੂਦਾ ਸਰਕਾਰਾਂ ਜਾਣ ਬੁੱਝਕੇ ਇਸ ਮੁਰਦਾਬਾਦ ਨੂੰ ਨਜ਼ਰ ਅੰਦਾਜ਼ ਕਰ ਰਹੀਆਂ ਹਨ। ਬੁਲਾਰਿਆਂ ਨੇ ਮੌਜੂਦਾ ਸਮੇਂ ਵਿੱਚ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ, ਵਿਦਿਆਰਥੀਆਂ, ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਅਤੇ ਸਾਥੀਆਂ ਦੇ ਦਿਖਾਏ ਰਾਹ ਤੇ ਚਲਦਿਆਂ ਸੰਘਰਸ਼ ਦੇ ਰਾਹ ਪੈ ਕੇ ਸਾਮਰਾਜੀ ਰਾਜ ਪ੍ਰਬੰਧ ਖ਼ਿਲਾਫ਼ ਉੱਠਣ ਦਾ ਸੰਦੇਸ਼ ਦਿੱਤਾ।

ਸਵਾਲਾਂ ਦੇ ਦੌਰ 'ਚ ਉਜਾਗਰ ਬੱਦੋਵਾਲ,ਮਾ ਰਾਜਿੰਦਰ ਜੰਡਿਆਲੀ, ਕਸਤੂਰੀ ਲਾਲ ਵੱਲੋਂ ਕੀਤੇ ਸਵਾਲਾਂ ਦੇ ਜਵਾਬ ਪ੍ਰੋ ਜਗਮੋਹਨ ਸਿੰਘ ਵੱਲੋਂ ਤਸੱਲੀ ਬਖ਼ਸ਼ ਦਿੱਤੇ ਗਏ।ਅੰਤ ਵਿੱਚ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਜ਼ੀਰਖ ਨੇ ਧੰਨਵਾਦ ਕਰਦਿਆਂ ਸਾਰੀਆਂ ਜੱਥੇਬੰਦੀਆਂ ਨੂੰ ਇੱਕ ਮੰਚ 'ਤੇ ਇਕੱਠੇ ਹੋਕੇ ਅਗਲਾ ਪ੍ਰੋਗਰਾਮ ਉਲੀਕਣ ਦਾ ਸੱਦਾ ਦਿੱਤਾ।ਇਸ ਵਿਚਾਰ ਚਰਚਾ ਵਿੱਚ ਮੁਲਾਜ਼ਮ ਆਗੂ ਸੁਖਵਿੰਦਰ ਲੀਲ੍ਹ ਨੇ ਮੰਚ ਸੰਚਾਲਨ ਬਾਖੂਬੀ ਨਿਭਾਇਆ। ਇਸ ਵਿਚਾਰ ਚਰਚਾ ਦਾ ਸਮੁੱਚਾ ਪ੍ਰਬੰਧ ਜਮਹੂਰੀ ਅਧਿਕਾਰ ਸਭਾ ਪੰਜਾਬ, ਡੈਮੋਕਰੇਟਿਕ ਮੁਲਾਜ਼ਮ ਫੈਡਰੇਸ਼ਨ-ਪੰਜਾਬ, ਤਰਕਸ਼ੀਲ ਸੁਸਾਇਟੀ ਪੰਜਾਬ (ਲੁਧਿਆਣਾ)ਪੰਜਾਬ ਲੋਕ ਸੱਭਿਆਚਾਰ ਮੰਚ, ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਜੱਥੇਬੰਦੀਆਂ ਵੱਲੋਂ ਕੀਤਾ ਗਿਆ ।ਸਮਾਗਮ ਵਿੱਚ ਪ੍ਰਵੀਨ ਕੁਮਾਰੀ, ਅਮਨਦੀਪ ਕੌਰ, ਇੰਦਰਜੀਤ ਕੌਰ, ਪਰਮਜੀਤ ਕੌਰ ਸੁਨੇਤ,ਜਸਵੀਰ ਕੌਰ ਦੁਗਰੀ ਸਮੇਤ ਜੱਥੇਬੰਦੀਆਂ ਦੇ ਹੋਰ ਨੁਮਾਇੰਦਿਆਂ ਵਿੱਚ ਡਾ ਹਰਬੰਸ ਗਰੇਵਾਲ, ਪ੍ਰੋ ਏ ਕੇ ਮਲੇਰੀ, ਅਰੁਣ ਕੁਮਾਰ, ਬਲਦੇਵ ਔਲਖ (ਕੈਨੇਡਾ), ਐਡਵੋਕੇਟ ਨਰਿੰਦਰ, ਬਲਕੌਰ ਸਿੰਘ ਗਿੱਲ, ਡਾ ਬਲਵਿੰਦਰ ਔਲਖ, ਤਰਲੋਚਨ ਝਾਂਡੇ, ਬਲਵਿੰਦਰ ਸਿੰਘ, ਅਜਮੇਰ ਦਾਖਾ, ਪ੍ਰਮਜੀਤ ਸਿੰਘ, ਤਰਲੋਚਨ ਪਨੇਸਰ , ਧਰਮਪਾਲ ਸਿੰਘ, ਮਾ ਰੁਪਿੰਦਰ ਪਾਲ ਗਿੱਲ, ਮਾ ਪ੍ਰਮਜੀਤ ਪਨੇਸਰ, ਮਲਕੀਤ ਮਾਲੜਾ ਤੇ ਹੋਰ ਵੱਡੀ ਗਿਣਤੀ ਵਿੱਚ ਹਮਦਰਦ ਅਤੇ ਕਾਰਕੁੰਨ ਸ਼ਾਮਲ ਸਨ।

ਬਠਿੰਡਾ ਦੇ ਪੇਂਡੂ ਪੰਪਾਂ 'ਤੇ ਸਟਾਕ ਖ਼ਤਮ, ਵਾਹਨ ਚਾਲਕ ਹੋ ਰਹੇ ਪ੍ਰੇਸ਼ਾਨ

ਬਠਿੰਡਾ, 28 ਮਾਰਚ (ਦੀਪਕ ਸ਼ਰਮਾ):ਇਜ਼ਰਾਈਲ, ਅਮਰੀਕਾ ਅਤੇ ਇਰਾਨ ਵਿਚਾਲੇ ਵੱਧ ਰਹੇ ਕੌਮਾਂਤਰੀ ਤਣਾਅ ਦਾ ਸਿੱਧਾ ਅਸਰ ਹੁਣ ਬਠਿੰਡਾ ਦੇ ਆਮ ਜਨ-ਜੀਵਨ 'ਤੇ ਦਿਖਾਈ ਦੇਣ ਲੱਗਾ ਹੈ। ਆਲਮੀ ਬਾਜ਼ਾਰ ਵਿੱਚ ਕੱਚੇ ਤੇਲ ਅਤੇ ਗੈਸ ਦੀ ਸਪਲਾਈ ਪ੍ਰਭਾਵਿਤ ਹੋਣ ਕਾਰਨ ਜ਼ਿਲ੍ਹੇ ਦੇ ਪੇਂਡੂ ਅਤੇ ਬਾਹਰੀ ਖੇਤਰਾਂ ਵਿੱਚ ਸਥਿਤ ਪੈਟਰੋਲ ਪੰਪਾਂ 'ਤੇ ਤੇਲ ਦਾ ਸਟਾਕ ਪੂਰੀ ਤਰ੍ਹਾਂ ਖ਼ਤਮ ਹੋ ਗਿਆ ਹੈ। ਹਾਲਾਂਕਿ ਸ਼ਹਿਰ ਦੇ ਅੰਦਰੂਨੀ ਪੰਪਾਂ 'ਤੇ ਫਿਲਹਾਲ ਤੇਲ ਉਪਲਬਧ ਹੈ, ਪਰ ਪੇਂਡੂ ਖੇਤਰਾਂ ਤੋਂ ਵਾਹਨ ਚਾਲਕਾਂ ਦੇ ਸ਼ਹਿਰ ਵੱਲ ਰੁਖ ਕਰਨ ਕਾਰਨ ਉੱਥੇ ਵੀ ਕਤਾਰਾਂ ਲੱਗਣੀਆਂ ਸ਼ੁਰੂ ਹੋ ਗਈਆਂ ਹਨ। ਜੇਕਰ ਸਥਿਤੀ ਇਹੀ ਰਹੀ ਤਾਂ ਆਉਣ ਵਾਲੇ ਦਿਨਾਂ ਵਿੱਚ ਸ਼ਹਿਰ ਅੰਦਰ ਵੀ ਵੱਡਾ ਸੰਕਟ ਖੜ੍ਹਾ ਹੋ ਸਕਦਾ ਹੈ।ਪੰਪ ਮਾਲਕਾਂ ਅਨੁਸਾਰ ਪਿਛਲੇ ਕੁਝ ਦਿਨਾਂ ਤੋਂ ਡਿਪੂਆਂ ਤੋਂ ਤੇਲ ਦੀ ਸਪਲਾਈ ਨਿਯਮਤ ਨਹੀਂ ਆ ਰਹੀ। ਡੱਬਵਾਲੀ ਰੋਡ 'ਤੇ ਸਥਿਤ ਪੰਪ ਦੇ ਮਾਲਕ ਵਿਨੋਦ ਬੰਸਲ ਨੇ ਦੱਸਿਆ ਕਿ ਪੇਂਡੂ ਪੰਪ ਪਹਿਲਾਂ ਹੀ ਸੁੱਕ ਚੁੱਕੇ ਹਨ ਅਤੇ ਸ਼ਹਿਰੀ ਪੰਪਾਂ ਕੋਲ ਵੀ ਬਹੁਤ ਸੀਮਤ ਸਟਾਕ ਬਚਿਆ ਹੈ। ਇਸ ਸੰਕਟ ਕਾਰਨ ਟੈਕਸੀ ਚਾਲਕ, ਆਟੋ ਚਾਲਕ ਅਤੇ ਛੋਟੇ ਵਪਾਰੀ ਸਭ ਤੋਂ ਵੱਧ ਪ੍ਰੇਸ਼ਾਨ ਹਨ, ਕਿਉਂਕਿ ਉਨ੍ਹਾਂ ਨੂੰ ਤੇਲ ਲਈ ਕਈ ਕਿਲੋਮੀਟਰ ਦੂਰ ਸ਼ਹਿਰ ਆਉਣਾ ਪੈ ਰਿਹਾ ਹੈ। ਪੰਪ ਸੰਚਾਲਕਾਂ ਨੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਤੋਂ ਮੰਗ ਕੀਤੀ ਹੈ ਕਿ ਉਹ ਤੁਰੰਤ ਦਖ਼ਲ ਦੇ ਕੇ ਡਿਪੂ ਅਧਿਕਾਰੀਆਂ ਨਾਲ ਤਾਲਮੇਲ ਕਰਨ ਅਤੇ ਸਪਲਾਈ ਬਹਾਲ ਕਰਵਾਉਣ ਤਾਂ ਜੋ ਸ਼ਹਿਰ ਵਿੱਚ ਹਾਲਾਤ ਬੇਕਾਬੂ ਨਾ ਹੋਣ।

ਅਮਰੀਕਾ ਬੈਠੀ ਧੀ ਨੇ ਮਾਂ ਨੂੰ ਖ਼ੁਦਕੁਸ਼ੀ ਲਈ ਉਕਸਾਇਆ: ਜ਼ਮੀਨ ਵੇਚ ਕੇ ਪੈਸੇ ਭੇਜਣ ਲਈ ਪਾ ਰਹੀ ਸੀ ਦਬਾਅ

ਬਠਿੰਡਾ, 28 ਮਾਰਚ (ਦੀਪਕ ਸ਼ਰਮਾ): ਰਿਸ਼ਤਿਆਂ ਨੂੰ ਸ਼ਰਮਸਾਰ ਕਰਨ ਵਾਲਾ ਇੱਕ ਮੰਦਭਾਗਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਅਮਰੀਕਾ ਵਿੱਚ ਰਹਿ ਰਹੀ ਇੱਕ ਧੀ ਵੱਲੋਂ ਆਪਣੀ ਹੀ ਮਾਂ ਨੂੰ ਮਾਨਸਿਕ ਤੌਰ 'ਤੇ ਪਰੇਸ਼ਾਨ ਕਰਕੇ ਖ਼ੁਦਕੁਸ਼ੀ ਲਈ ਉਕਸਾਉਣ ਦੇ ਦੋਸ਼ ਹੇਠ ਥਾਣਾ ਸਦਰ ਬਠਿੰਡਾ ਦੀ ਪੁਲਿਸ ਨੇ ਮੁਕੱਦਮਾ ਦਰਜ ਕੀਤਾ ਹੈ। ਇਹ ਕਾਰਵਾਈ ਮ੍ਰਿਤਕ ਮਹਿਲਾ ਦੇ ਪੁੱਤਰ ਵੱਲੋਂ ਦਿੱਤੀ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ ਹੈ।ਪੁਲਿਸ ਕੋਲ ਦਰਜ ਕਰਵਾਈ ਸ਼ਿਕਾਇਤ ਵਿੱਚ ਪਿੰਡ ਤਿਉਣਾ ਦੇ ਨਿਵਾਸੀ ਏਕਮਨੂਰ ਸਿੰਘ ਨੇ ਦੱਸਿਆ ਕਿ ਉਸ ਦੀ ਭੈਣ ਕਵਲਜੀਤ ਕੌਰ ਦਾ ਵਿਆਹ ਕਰੀਬ 19 ਸਾਲ ਪਹਿਲਾਂ ਅਮਰੀਕਾ ਵਿੱਚ ਹੋਇਆ ਸੀ। ਦੋਸ਼ ਹੈ ਕਿ ਵਿਆਹ ਤੋਂ ਬਾਅਦ ਕਵਲਜੀਤ ਕੌਰ ਆਪਣੀ 68 ਸਾਲਾ ਮਾਂ ਬਲਵੀਰ ਕੌਰ 'ਤੇ ਲਗਾਤਾਰ ਪੁਸ਼ਤੈਨੀ ਜ਼ਮੀਨ ਵੇਚ ਕੇ ਪੈਸੇ ਅਮਰੀਕਾ ਭੇਜਣ ਲਈ ਦਬਾਅ ਬਣਾ ਰਹੀ ਸੀ। ਪਰਿਵਾਰਕ ਮੈਂਬਰਾਂ ਅਨੁਸਾਰ ਬਲਵੀਰ ਕੌਰ ਜ਼ਮੀਨ ਵੇਚਣ ਦੇ ਹੱਕ ਵਿੱਚ ਨਹੀਂ ਸੀ, ਪਰ ਧੀ ਵੱਲੋਂ ਫ਼ੋਨ 'ਤੇ ਵਾਰ-ਵਾਰ ਕੀਤੇ ਜਾਂਦੇ ਝਗੜਿਆਂ ਅਤੇ ਮਾਨਸਿਕ ਤੌਰ 'ਤੇ ਪਰੇਸ਼ਾਨ ਕੀਤੇ ਜਾਣ ਕਾਰਨ ਉਹ ਗੰਭੀਰ ਤਣਾਅ ਵਿੱਚ ਰਹਿਣ ਲੱਗੀ ਸੀ।ਇਸੇ ਮਾਨਸਿਕ ਪਰੇਸ਼ਾਨੀ ਅਤੇ ਸਦਮੇ ਕਾਰਨ ਬਲਵੀਰ ਕੌਰ ਦੀ ਮੌਤ ਹੋ ਗਈ। ਪੀੜਤ ਪਰਿਵਾਰ ਦਾ ਕਹਿਣਾ ਹੈ ਕਿ ਜੇਕਰ ਕਵਲਜੀਤ ਕੌਰ ਉਨ੍ਹਾਂ ਨੂੰ ਤੰਗ-ਪਰੇਸ਼ਾਨ ਨਾ ਕਰਦੀ ਤਾਂ ਅੱਜ ਉਨ੍ਹਾਂ ਦੀ ਮਾਂ ਜਿਊਂਦੀ ਹੁੰਦੀ। ਪੁਲਿਸ ਨੇ ਸ਼ਿਕਾਇਤ ਦੇ ਆਧਾਰ 'ਤੇ ਕਥਿਤ ਦੋਸ਼ਣ ਕਵਲਜੀਤ ਕੌਰ ਖ਼ਿਲਾਫ਼ ਧਾਰਾ 306 ਖ਼ੁਦਕੁਸ਼ੀ ਲਈ ਉਕਸਾਉਣਾ ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੇ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਟਰਾਂਸਫਾਰਮਰ ਚੋਰੀਆਂ ਕਾਰਨ ਕਿਸਾਨਾਂ ਵਿੱਚ ਰੋਸ

ਮਲੋਟ, 28 ਮਾਰਚ (ਅਮਨਦੀਪ ਸਿੰਘ ਮਹਿਰਾ) :ਤਹਿਸੀਲ ਮਲੋਟ ਦੇ ਪਿੰਡ ਅਸਪਾਲ ਵਿੱਚ ਪਿਛਲੇ ਕਰੀਬ 10 ਦਿਨਾਂ ਤੋਂ ਖੇਤਾਂ ਵਿੱਚ ਲੱਗੇ ਬਿਜਲੀ ਦੇ ਟਰਾਂਸਫਾਰਮਰਾਂ ਦੀ ਲਗਾਤਾਰ ਹੋ ਰਹੀ ਚੋਰੀ ਨੇ ਕਿਸਾਨਾਂ ਵਿੱਚ ਭਾਰੀ ਚਿੰਤਾ ਅਤੇ ਰੋਸ ਪੈਦਾ ਕਰ ਦਿੱਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਵਿੱਚ ਹੁਣ ਤੱਕ ਕਰੀਬ 14 ਟਰਾਂਸਫਾਰਮਰ ਚੋਰੀ ਹੋ ਚੁੱਕੇ ਹਨ, ਜਿਸ ਨਾਲ ਕਿਸਾਨਾਂ ਨੂੰ ਵੱਡਾ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ ਅਤੇ ਖੇਤੀਬਾੜੀ ਦੇ ਕੰਮ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ।ਇਸ ਗੰਭੀਰ ਮਸਲੇ ਨੂੰ ਲੈ ਕੇ ਅੱਜ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਕਿਸਾਨਾਂ ਵੱਲੋਂ ਇਕ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪ੍ਰਭਾਵਿਤ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਕਿਸਾਨਾਂ ਨੇ ਆਪਣੇ ਨੁਕਸਾਨ ਅਤੇ ਸਮੱਸਿਆਵਾਂ ਸਾਂਝੀਆਂ ਕਰਦਿਆਂ ਪ੍ਰਸ਼ਾਸਨ ਖ਼ਿਲਾਫ਼ ਨਾਰਾਜ਼ਗੀ ਜ਼ਾਹਿਰ ਕੀਤੀ।ਮੀਟਿੰਗ ਵਿੱਚ ਲਛਮਣ ਦਾਸ, ਤੇਜ ਸਿੰਘ, ਰੁਪਿੰਦਰ ਕੁਮਾਰ, ਹਰਤਾਲਮ ਸਿੰਘ, ਭੁਪਿੰਦਰ ਸਿੰਘ, ਹਰਜਿੰਦਰ ਸਿੰਘ, ਜਗਜੀਤ ਸਿੰਘ, ਹਰਪ੍ਰੀਤ ਸਿੰਘ, ਸ਼ਰਨਪਾਲ ਸਿੰਘ, ਆਦਰਸ਼ਪਾਲ ਸਿੰਘ, ਮੁਖਤਿਆਰ ਸਿੰਘ, ਦਲਰਾਜ ਸਿੰਘ, ਪਰਮਜੀਤ ਸਿੰਘ, ਮਨਜੀਤ ਸਿੰਘ, ਗੁਰਮੇਲ ਸਿੰਘ, ਹੰਸ ਰਾਜ, ਸੰਦੀਪ ਸਿੰਘ ਸੇਖੋਂ, ਮੰਗਤ ਰਾਮ, ਗੁਰਦੇਵ ਰਾਜ, ਸਿਕੰਦਰ ਕੁਮਾਰ ਅਤੇ ਜਸਪ੍ਰੀਤ ਸਿੰਘ ਸਮੇਤ ਹੋਰ ਕਈ ਕਿਸਾਨ ਮੌਜੂਦ ਸਨ।ਕਿਸਾਨਾਂ ਨੇ ਦੱਸਿਆ ਕਿ ਚੋਰ ਰਾਤ ਦੇ ਸਮੇਂ ਖੇਤਾਂ ਵਿੱਚ ਜਾ ਕੇ ਟਰਾਂਸਫਾਰਮਰਾਂ ਵਿੱਚੋਂ ਤੇਲ ਅਤੇ

ਲਾਲਚੀ ਧੀ ਜਵਾਈਆਂ ਵੱਲੋਂ ਮਾਂ ਨੂੰ ਫੁਸਲਾਉਣ ਦਾ ਦੋਸ਼

ਪਟਿਆਲਾ, 28 ਮਾਰਚ (ਚ.ਨ.ਸ.) : ਹਰਜਿੰਦਰ ਕੌਰ ਵੱਲੋਂ ਆਪਣੀ ਜਮੀਨ ਵੇਚਣ ਦੇ ਮਾਮਲੇ ਵਿਚ ਹਰਜਿੰਦਰ ਕੌਰ ਦੀ ਪੁੱਤਰੀ ਰਾਜਵੰਤ ਕੌਰ ਅਤੇ ਪਤੀ ਸਮੇਤ ਦੋ ਹੋਰਾਂ 'ਤੇ ਮਾਮਲਾ ਦਰਜ ਕਰਵਾਉਣ ਉਤੇ ਪਟਿਆਲਾ ਵਾਸੀ ਰਾਜਵੰਤ ਕੌਰ ਅਤੇ ਪਤੀ ਵੱਲੋਂ ਇਸ ਮਾਮਲੇ ਵਿਚ ਸਾਰੀ ਜਾਣਕਾਰੀ ਦਿੰਦਿਆਂ ਹੋਇਆਂ ਦੱਸਿਆ ਕਿ ਪਿਛਲੇ 7-8 ਸਾਲ ਕਰੀਬ ਮੇਰੀ ਮਾਤਾ ਹਰਜਿੰਦਰ ਕੌਰ ਆਪਣੇ ਪਰਿਵਾਰ ਤੋਂ ਤੰਗ ਪ੍ਰੇਸ਼ਾਨ ਹੋਣ ਤੋਂ ਬਾਅਦ ਸਾਡੇ ਘਰ ਵਿਚ ਰਹਿਣ ਲੱਗ ਪਈ ਅਤੇ ਮਾਤਾ ਦੀ ਪੂਰੀ ਸੇਵਾ ਕੀਤੀ ਅਤੇ ਡਾਕਟਰੀ ਇਲਾਜ ਕਰਵਾਉਂਦੇ ਰਹੇ। ਇਸਦੇ ਚੱਲਦਿਆਂ ਮਾਤਾ ਬਹੁਤ ਖੁਸ਼ ਸੀ। ਇਸ ਦੌਰਾਨ ਮਾਤਾ ਨੇ ਆਪਣੀ ਧੀ ਰਾਜਵੰਤ ਕੌਰ ਨੂੰ ਇਕੱਲੀ ਨੂੰ ਆਪਣੀ ਜਮੀਨ ਦਾ ਹੱਕਦਾਰ ਬਣਾਉਣ ਦਾ ਮਨ ਬਣਾਇਆ। ਮਾਤਾ ਹਰਜਿੰਦਰ ਕੌਰ ਨੇ ਆਪਣੀ ਰਾਜਪੁਰਾ ਵਾਲੀ ਜ਼ਮੀਨ ਆਪਣੇ ਪੂਰੇ ਹੋਸ਼ ਹਵਾਸ ਵਿਚ ਵੇਚੀ ਸੀ। ਜਿਸਦੀ ਰਕਮ ਮਾਤਾ ਨੇ ਆਪਣੀ ਧੀ ਰਾਜਵੰਤ ਕੌਰ ਦੇ ਖਾਤੇ ਵਿਚ ਜਮ੍ਹਾਂ ਕਰਵਾਈ ਸੀ। ਪ੍ਰੰਤੂ ਜਦੋਂ ਰਾਜਵੰਤ ਕੌਰ ਆਪਣੇ ਬੇਟਿਆਂ ਨੂੰ ਵਿਦੇਸ਼ ਮਿਲਣ ਗਈ ਸੀ। ਉਸ ਦੌਰਾਨ ਦੂਜੀਆਂ ਧੀਆਂ ਮਾਤਾ ਨੂੰ ਇਕੱਲਾ ਦੇਖ ਮਿਲਣ ਆਉਂਦੀਆਂ ਸਨ। ਬਾਅਦ ਵਿਚ ਉਹ ਮਾਤਾ ਨੂੰ ਆਪਣੇ ਨਾਲ ਲੈ ਗਈਆਂ ਜਦੋਂ ਕਿ ਉਸਦੀਆਂ ਦਵਾਈਆਂ ਅਤੇ ਕੱਪੜੇ ਆਦਿ ਮੇਰੇ ਘਰ ਵਿਚ ਹੀ ਪਏ ਹੋਏ ਹਨ। ਉਹ ਲਾਲਚ ਵਸ ਮੇਰੀ ਮਾਤਾ ਨੂੰ ਮੇਰੇ ਘਰ ਛੱਡਣ ਦੀ ਬਜਾਏ ਸਾਡੇ ਖਿਲਾਫ ਦਰਖਾਸਤਾਂ ਦਿੰਦੀਆਂ ਗਈਆਂ। ਰਾਜਵੰਤ ਕੌਰ ਨੇ ਦੱਸਿਆ ਕਿ ਮੇਰੀਆਂ ਤਿੰਨ ਭੈਣਾ ਹਨ ਅਤੇ ਭਰਾ ਦੀ ਬੀਤੇ ਸਾਲਾਂ ਦੌਰਾਨ ਮੌਤ ਹੋ ਚੁੱਕੀ ਹੈ। ਉਸਦੀ ਸਾਂਭ ਸੰਭਾਲ ਕਰਨ ਵਾਲਾ ਕੋਈ ਨਹੀਂ ਸੀ। ਮੇਰੀ ਮਾਤਾ ਬਹੁਤ ਪ੍ਰੇਸ਼ਾਨ ਸੀ। ਅਚਾਨਕ ਮੌਕਾ ਦੇਖ ਕੇ ਮੇਰੀਆਂ ਭੈਣਾਂ ਮੇਰੀ ਮਾਤਾ ਨੂੰ ਸਾਡੇ ਘਰ ਲੈ ਗਈਆਂ ਅਤੇ ਕਹਿੰਦੀਆਂ ਸੀ ਅਸੀਂ ਵੀ ਮਾਤਾ ਨੂੰ ਆਪਣੇ ਕੋਲ ਰੱਖਕੇ ਸੇਵਾ ਕਰਨ ਤੋਂ ਬਾਅਦ ਭੈਣ ਰਾਜਵੰਤ ਕੌਰ ਦੇ ਘਰ ਛੱਡ ਜਾਣਗੀਆਂ ਡਰ ਇਸਦੇ ਉਲਟ ਭੈਣਾਂ ਨੇ ਰਲ ਕੇ ਮਾਤਾ ਤੋਂ ਝੂਠੀਆਂ ਸਾਡੇ ਖਿਲਾਫ ਦਰਖਾਸਤਾਂ ਪਵਾ ਦਿੱਤੀਆਂ। ਪਰ ਮਾਤਾ ਨੇ ਪੂਰੇ ਹੋਸ਼ ਹਵਾਸ ਵਿਚ ਰਾਜਵੰਤ ਕੌਰ ਨੂੰ ਸੇਵਾ ਬਦਲੇ ਹਿੱਸਾ ਦਿੱਤਾ ਹੈ। ਜੋ ਕਿ ਭੈਣਾਂ ਨੂੰ ਬਰਦਾਸ਼ਤ ਨਹੀਂ ਹੋਇਆ। ਮਾਤਾ ਅੱਜ ਵੀ ਮੇਰੇ ਘਰ ਆਉਣ ਨੂੰ ਤਿਆਰ ਹੈ ਮੇ ਮੈਂ ਮਾਤਾ ਦੀ ਸੇਵਾ ਦਾ ਹਰ ਖਿਆਲ ਰੱਖਾਂਗੀ। ਉਨ੍ਹਾਂ ਦੱਸਿਆ ਕਿ ਮਾਮਲੇ ਦੀ ਸਾਰੀ ਜਾਣਕਾਰੀ ਅਖਬਾਰ ਵਿਚ ਲੱਗੀ ਖਬਰ ਤੋਂ ਮਿਲੀ।

ਭੱਕੂਮਾਜਰਾ ਸਕੂਲ ਦੇ ਨਤੀਜੇ ਰਹੇ ਸ਼ਾਨਦਾਰ, ਮੁੱਖ ਮਹਿਮਾਨਾਂ ਨੇ ਵੰਡੇ ਇਨਾਮ

ਸ੍ਰੀ ਚਮਕੌਰ ਸਾਹਿਬ, 28 ਮਾਰਚ (ਅਵਤਾਰ ਸਿੰਘ ਭੰਗੂ) : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੱਕੂਮਾਜਰਾ ਦੇ 2025-26 ਦੇ ਅਕੈਡਮਿਕ ਸੈਸ਼ਨ ਦੇ ਨਤੀਜੇ ਐਲਾਨ ਕਰ ਦਿੱਤੇ ਗਏ ਹਨ। ਸਕੂਲ ਦੇ ਮੁੱਖ ਅਧਿਆਪਕ ਸ. ਮੇਜਰ ਸਿੰਘ ਨੇ ਦੱਸਿਆ ਕਿ ਇਸ ਸਾਲ ਵੀ ਵਿਦਿਆਰਥੀਆਂ ਨੇ ਬਹੁਤ ਵਧੀਆ ਪ੍ਰਦਰਸ਼ਨ ਕੀਤਾ ਹੈ। ਮੰਚ ਸੰਚਾਲਨ ਰਾਬਿੰਦਰ ਸਿੰਘ ਰੱਬੀ, ਲੈਕਚਰਰ ਇਤਿਹਾਸ ਨੇ ਕੀਤਾ। ਉਨ੍ਹਾਂ ਨੇ ਮੁੱਖ ਮਹਿਮਾਨ ਸ. ਨੈਬ ਸਿੰਘ ਅਤੇ ਮੈਡਮ ਇੰਦਰਜੀਤ ਕੌਰ ਨੂੰ ਸਟੇਜ 'ਤੇ ਸੱਦਿਆ ਅਤੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ। ਸਰਪੰਚ ਗੁਰਮੀਤ ਕੌਰ ਅਤੇ ਸ. ਭੁਪਿੰਦਰ ਸਿੰਘ ਨੇ ਵੀ ਬੱਚਿਆਂ ਨੂੰ ਅਸ਼ੀਰਵਾਦ ਦਿੱਤਾ। ਛੇਵੀਂ ਜਮਾਤ ਵਿੱਚ ਪਹਿਲਾ ਸਥਾਨ ਸਿਮਰਨ ਕੌਰ (92%), ਦੂਜਾ ਸਥਾਨ ਤਰਨਜੋਤ ਕੌਰ (79.2%), ਤੀਜਾ ਸਥਾਨ ਖੁਸ਼ਪ੍ਰੀਤ ਕੌਰ (70.7%) ਸੱਤਵੀਂ ਜਮਾਤ ਵਿੱਚ ਪਹਿਲਾ ਸਥਾਨ ਅਵਨੀਤ ਕੌਰ (90.5%), ਦੂਜਾ ਸਥਾਨ: ਏਕਮਪ੍ਰੀਤ ਸਿੰਘ (85.2%), ਤੀਜਾ ਸਥਾਨ ਗਗਨਦੀਪ ਸਿੰਘ ਅਤੇ ਸਿਮਰਨ ਕੌਰ (59.5%), ਨੌਵੀਂ ਜਮਾਤ ਵਿੱਚ ਪਹਿਲਾ ਸਥਾਨ ਨਵਨੀਤ ਸਿੰਘ (91.7%), ਦੂਜਾ ਸਥਾਨ ਹਰਮਨਪ੍ਰੀਤ ਕੌਰ (88.6%), ਤੀਜਾ ਸਥਾਨ ਪ੍ਰਭਜੋਤ ਸਿੰਘ (88.2%), ਗਿਆਰਵੀਂ ਵਿੱਚ ਪਹਿਲਾ ਸਥਾਨ ਜਸਮੀਤ ਕੌਰ (89.6%), ਦੂਜਾ ਸਥਾਨ ਕਿਰਨਜੀਤ ਕੌਰ (87.8%) ਅਤੇ ਤੀਜਾ ਸਥਾਨ ਨਵਨੀਤ ਕੌਰ (84.8%) ਨੇ ਪ੍ਰਾਪਤ ਕੀਤਾ। ਸਰਵਪੱਖੀ ਗਤੀਵਿਧੀਆਂ ਲਈ ਬਰਿੰਦਰ ਸਿੰਘ ਤਾਲਾਪੁਰ ਨੂੰ ਵਿਸ਼ੇਸ਼ ਸਨਮਾਨ ਦਿੱਤਾ ਗਿਆ। ਸਕੂਲ ਦੇ ਮੁੱਖ ਅਧਿਆਪਕ ਸ. ਮੇਜਰ ਸਿੰਘ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਲੈਕਚਰਰ ਜਸਵਿੰਦਰ ਕੌਰ, ਸੁਰ, ਗੁਰਕ੍ਰਿਪਾਲ ਸਿੰਘ, ਵਿਸ਼ਾਲ ਗੁਪਤਾ, ਰਿਸ਼ੀਕਾ ਨੈਥਾਨੀ, ਰਜਨੀ ਰਾਣੀ, ਬਲਜੀਤ ਕੌਰ, ਮਨਪ੍ਰੀਤ ਕੌਰ, ਹਰਸਿਮਰਨ ਕੌਰ,, ਜੋਤੀ ਸ਼ਰਮਾ, ਕੁਲਵਿੰਦਰ ਸਿੰਘ ਅਤੇ ਸ. ਮੋਹਨ ਸਿੰਘ ਹਾਜ਼ਰ ਰਹੇ।

ਮਾਨਵ ਸੇਵਾ ਉੱਤਮ ਸੇਵਾ ਸੰਸਥਾ ਨਾਭਾ ਨੇ ਲੋੜਵੰਦ ਬਜ਼ੁਰਗਾਂ ਨੂੰ ਦਿੱਤਾ ਜ਼ਰੂਰਤ ਦਾ ਸਾਮਾਨ

ਸਮਾਜ ਭਲਾਈ ਦੇ ਕਾਰਜ ਕਰਨਾ ਹੀ ਸਾਡਾ ਮੁੱਖ ਮਕਸਦ : ਮਿੱਤਲ, ਗੁਪਤਾ

ਨਾਭਾ, 28 ਮਾਰਚ (ਗੁਰਚਰਨ ਸਿੰਘ ਚੌਧਰੀਮਾਜਰਾ) : ਮਾਨਵ ਸੇਵਾ ਉੱਤਮ ਸੇਵਾ ਸੰਸਥਾ ਨਾਭਾ ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਲੋਕਾਂ ਦੇ ਸਹਿਯੋਗ ਨਾਲ ਵਧ ਚੜ੍ਹ ਕੇ ਕੀਤੇ ਜਾਂਦੇ ਹਨ। ਉੱਥੇ ਹੀ ਸੰਸਥਾ ਵਲੋਂ ਹਸਪਤਾਲ ਵਿਖੇ ਜ਼ਰੂਰਤਮੰਦ ਮਰੀਜਾਂ ਦਾ ਇਲਾਜ ਕਰਵਾਇਆ ਵੀ ਜਾਂਦਾ ਹੈ ਅਤੇ ਮਰੀਜ਼ਾਂ ਨੂੰ ਦਵਾਈਆਂ ਵੀ ਮੁਫਤ ਦਿੱਤੀਆਂ ਜਾਂਦੀਆਂ ਹਨ। ਇਸ ਲੜੀ ਦੇ ਤਹਿਤ ਰਾਮਨੌਮੀ ਦੇ ਤਿਉਹਾਰ ਮੌਕੇ ਓਲਡ ਏਜ਼ ਹੋਮ ਪਿੰਡ ਰੋਗਲਾ ਪਟਿਆਲਾ ਵਿਖੇ ਲੋੜਵੰਦ ਬਜ਼ੁਰਗਾਂ ਨੂੰ ਸੰਸਥਾ ਵੱਲੋਂ ਲੋਕਾਂ ਦੇ ਸਹਿਯੋਗ ਨਾਲ ਜਿਸ ਵਿੱਚ ਆਟਾ, ਸਰਸੋਂ ਦਾ ਤੇਲ, ਰਿਫਾਇੰਡ ਆਇਲ, ਸਰਫ਼, ਸ਼ੂਗਰ, ਮਸਾਲੇ, ਸਾਬਣ, ਚਾਵਲ, ਤੋਂ ਇਲਾਵਾ ਹੋਰ ਰੋਜ਼ਾਨਾ ਵਰਤਣ ਵਾਲਾ ਲੋੜਵੰਦ ਸਮਾਨ ਦਿੱਤਾ ਗਿਆ। ਸੰਸਥਾ ਦੇ ਮੁੱਖ ਅਹੁਦੇਦਾਰ ਵਿਕਾਸ ਮਿੱਤਲ ਅਤੇ ਸੁਨੀਲ ਗੁਪਤਾ ਨੇ ਸੰਸਥਾ ਵਲੋਂ ਸਾਰੇ ਸਹਯੋਗੀ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ । ਲੋੜਵੰਦ ਸਮਾਨ ਲੈਣ ਉਪਰੰਤ ਬਜ਼ੁਰਗਾਂ ਨੇ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਦੇ ਅਹੁਦੇਦਾਰ ਵਿਕਾਸ ਮਿੱਤਲ, ਅੰਕੁਰ ਸਿੰਗਲਾ, ਸੁਨੀਲ ਗੁਪਤਾ, ਰਵਿੰਦਰ ਸਿੰਘ, ਨਰਿੰਦਰ ਮੋਹਣ ਸ਼ਰਮਾ, ਦੀਪਕ ਕੁਮਾਰ, ਵਰੁਣ ਸਿੰਗਲਾ, ਸਾਹਿਲ ਗੁਪਤਾ, ਕਰਨ ਸਿੰਗਲਾ ਆਦਿ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਡਾਕਟਰ ਅਮਨਦੀਪ ਕੌਰ, ਮੈਡਮ ਰਜਨੀ ਮਿੱਤਲ, ਯਾਦਵਿੰਦਰ ਸਿੰਘ, ਅਤੇ ਲਖਵਿੰਦਰ ਸਰੀਨ ਵੀ ਮੌਜੂਦ ਸਨ।

ਪੁਲਿਸ ਨੇ ਨਾਕਾਬੰਦੀ ਕਰਕੇ ਕੀਤੀ ਚੈਕਿੰਗ

ਨਾਭਾ, 28 ਮਾਰਚ (ਬਲਜਿੰਦਰ ਮਾਨ/ ਚੌਧਰੀਮਾਜਰਾ) : ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਕਰਨ ਅਤੇ ਸ਼ਰਾਰਤੀ ਅਨਸਰਾਂ 'ਤੇ ਨਕੇਲ ਕੱਸਣ ਲਈ ਪੰਜਾਬ ਪੁਲਿਸ ਵੱਲੋਂ ਸੂਬੇ ਭਰ ਵਿੱਚ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਅਤੇ ਐਸਐਸਪੀ ਵਰੁਣ ਸ਼ਰਮਾ ਪਟਿਆਲਾ ਦੇ ਦਿਸ਼ਾ ਨਿਰਦੇਸ਼ਾਂ ਦੇ ਤਹਿਤ ਹਾਈਟੈਕ ਨਾਕਾਬੰਦੀ ਕੀਤੀ ਗਈ, ਜਿਸ ਦੇ ਤਹਿਤ ਨਾਭਾ ਦੇ ਡੀਐਸਪੀ ਗੁਰਿੰਦਰ ਸਿੰਘ ਬੱਲ ਵੱਲੋਂ ਸੀਲਿੰਗ ਨਾਕਾ ਲਗਾ ਕੇ ਆਉਣ ਜਾਣ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਗਈ ਅਤੇ ਦਰਜਨਾਂ ਵਾਹਨਾਂ ਦੇ ਚਲਾਣ ਵੀ ਕੱਟੇ ਗਏ। ਡੀਐਸਪੀ ਗੁਰਿੰਦਰ ਸਿੰਘ ਬੱਲ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਮਾੜੇ ਅੰਨਸਰਾਂ ਨੂੰ ਠੱਲ ਪਾਉਣ ਅਤੇ ਨਸ਼ਾ ਤਸਕਰਾਂ 'ਤੇ ਨਕੇਲ ਕੱਸਣ ਦੇ ਲਈ ਇਹ ਸਪੈਸ਼ਲ ਨਾਕਾਬੰਦੀ ਕੀਤੀ ਗਈ ਹੈ। ਉਹਨਾਂ ਕਿਹਾ ਕਿ ਇਹ ਵਿਸ਼ੇਸ਼ ਨਾਕਾਬੰਦੀ ਕੀਤੀ ਗਈ, ਉਨ੍ਹਾਂ ਕਿਹਾ ਕਿ ਜਿੱਥੇ ਪੁਲਿਸ ਵੱਲੋਂ ਆਉਣ ਜਾਣ ਵਾਲੇ ਵਾਹਨਾਂ ਦੀ ਸਪੈਸ਼ਲ ਰੋਕ ਕੇ ਚੈਕਿੰਗ ਕੀਤੀ ਗਈ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਚਲਾਨ ਵੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਕਿਸੇ ਵੀ ਅਪਰਾਧਿਕ ਗਤੀਵਿਧੀ ਜਾਂ ਨਸ਼ਿਆਂ ਦੇ ਵਪਾਰ ਬਾਰੇ ਕੋਈ ਜਾਣਕਾਰੀ ਹੋਵੇ ਤਾਂ ਉਹ ਬਿਨ੍ਹਾਂ ਕਿਸੇ ਡਰ ਦੇ ਪੁਲਿਸ ਪ੍ਰਸ਼ਾਸਨ ਨੂੰ ਸੂਚਨਾ ਦੇਣ। ਉਨ੍ਹਾਂ ਕਿਹਾ ਕਿ ਸ਼ਰਾਰਤੀ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਜੋ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰੇਗਾ ਉਸ ਦੇ ਖਿਲਾਫ ਬਣਦੀ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਵੱਡੀ ਗਿਣਤੀ ਵਿੱਚ ਪੁਲਿਸ ਮੁਲਾਜ਼ਮ ਹਾਜ਼ਰ ਸਨ।

ਪਿੰਡ ਜਲਾਲਪੁਰ ਵਿੱਚ 'ਮੇਰਾ ਘਰ ਮੇਰੇ ਨਾਮ' ਸਕੀਮ ਦੀ ਸ਼ੁਰੂਆਤ

ਬਨੂੜ ਸ਼ੰਭੂ, 28 ਮਾਰਚ (ਅਮਰਿੰਦਰ ਸਿੰਘ ਮੋਹੀ): ਬਨੂੜ ਨੇੜਲੇ ਪਿੰਡ ਜਲਾਲਪੁਰ ਵਿੱਚ ਅੱਜ ਪੰਜਾਬ ਸਰਕਾਰ ਵੱਲੋਂ 'ਮੇਰਾ ਘਰ ਮੇਰੇ ਨਾਮ' ਸਕੀਮ ਦੀ ਪਹਿਲੀ ਵਾਰ ਸ਼ੁਰੂਆਤ ਕੀਤੀ ਗਈ। ਇਸ ਸਕੀਮ ਤਹਿਤ ਪਿੰਡ ਦੇ ਕਰੀਬ 100 ਪਰਿਵਾਰਾਂ ਹਰ ਕਾ ਵਿਧਾਇਕ ਰਾਜਪੁਰਾ ਨੀਨਾ ਮਿੱਤਲ ਵੱਲੋਂ ਉਨ੍ਹਾਂ ਦੇ ਰਹਾਇਸ਼ੀ ਘਰਾਂ ਦੀ ਮਲਕੀਅਤ ਉਨ੍ਹਾਂ ਦੇ ਆਪਣੇ ਨਾਮ ਕੀਤੀ ਗਈ।ਇਸ ਮੌਕੇ 'ਤੇ ਜਾਣਕਾਰੀ ਸਾਂਝੀ ਕਰਦੇ ਹੋਏ ਸਤਨਾਮ ਸਿੰਘ ਜਲਾਲਪੁਰ ਨੇ ਦੱਸਿਆ ਕਿ ਇਹ ਸਕੀਮ ਲੋਕਾਂ ਲਈ ਬਹੁਤ ਹੀ ਲਾਭਦਾਇਕ ਸਾਬਤ ਹੋਵੇਗੀ, ਜਿਸ ਨਾਲ ਲੋਕਾਂ ਨੂੰ ਆਪਣੇ ਘਰਾਂ ਦੀ ਕਾਨੂੰਨੀ ਮਲਕੀਅਤ ਮਿਲੇਗੀ ਅਤੇ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਸਮੱਸਿਆਵਾਂ ਦਾ ਹੱਲ ਹੋਵੇਗਾ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ, ਜੋ ਲੋਕਾਂ ਦੇ ਹੱਕਾਂ ਦੀ ਰੱਖਿਆ ਲਈ ਵਚਨਬੱਧ ਹੈ। ਮੇਰਾ ਘਰ ਮੇਰੇ ਨਾਮ ਵਰਗੀਆਂ ਯੋਜਨਾਵਾਂ ਇਸ ਗੱਲ ਦਾ ਸਪੱਸ਼ਟ ਉਦਾਹਰਨ ਹਨ ਕਿ ਸਰਕਾਰ ਲੋਕਾਂ ਦੀ ਭਲਾਈ ਲਈ ਨਿਰੰਤਰ ਕੰਮ ਕਰ ਰਹੀ ਹੈ।ਪਿੰਡ ਵਾਸੀਆਂ ਨੇ ਵੀ ਸਰਕਾਰ ਦੇ ਇਸ ਕਦਮ ਦੀ ਖੁਸ਼ੀ ਜਤਾਈ ਅਤੇ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਆਪਣਾ ਘਰ ਹੋਣ ਦੀ ਪੂਰੀ ਸੁਰੱਖਿਆ ਅਤੇ ਮਾਨ-ਸਨਮਾਨ ਮਿਲਿਆ ਹੈ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਹਲਕਾ ਵਿਧਾਇਕ ਰਾਜਪੁਰਾ ਨੀਨਾ ਮਿੱਤਲ ਦਾ ਧੰਨਵਾਦ ਕੀਤਾ

ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਖੂਨਦਾਨ ਕੈਂਪ ਲਗਾਇਆ

ਮੋਰਿੰਡਾ 28 ਮਾਰਚ (ਗੁਰਮੀਤ ਸਿੰਘ ਚੋਪੜਾ) :, ਭਾਰਤ ਵਿਕਾਸ ਪਰਿਸ਼ਦ ਮੋਰਿੰਡਾ ਵੱਲੋਂ 101ਵਾਂ ਖੂਨਦਾਨ ਕੈਂਪ ਖਾਲਸਾ ਗਰਲਜ ਕਾਲਜ ਮੋਰਿੰਡਾ ਵਿਖੇ ਪ੍ਰਧਾਨ ਜਗਦੀਸ਼ ਵਰਮਾ ਦੀ ਪ੍ਰਧਾਨਗੀ ਹੇਠ ਲਗਾਇਆ ਗਿਆ। ਬਲੱਡ ਕੈਂਪ ਦੇ ਚੇਅਰਮੈਨ ਸੁਰੇਸ਼ ਡੋਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਦਾ ਇਹ ਕੈਂਪ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਤਾ ਗਿਆ ਹੈ। ਕੈਂਪ ਦਾ ਉਦਘਾਟਨ ਆਈ ਡੀ ਬੀ ਆਈ ਬੈਂਕ ਦੇ ਮੈਨੇਜਰ ਅਜੇ ਕੁਮਾਰ ਵੱਲੋਂ ਕੀਤਾ ਗਿਆ ਅਤੇ ਸ਼ਮਾ ਰੋਸ਼ਨ ਦਲਜੀਤ ਸਿੰਘ ਬਿੱਟੂ ਵੱਲੋਂ ਕੀਤੀ ਗਈ। ਇਸ ਕੈਂਪ ਵਿੱਚ 36 ਯੂਨਿਟ ਖੂਨ ਪੀ ਜੀ ਆਈ ਚੰਡੀਗੜ੍ਹ ਦੀ ਬਲੱਡ ਬੈਂਕ ਦੀ ਟੀਮ ਵੱਲੋਂ ਇਕਤਰਤ ਕੀਤਾ ਗਿਆ। ਕੈਂਪ ਵਿੱਚ ਵਿਸ਼ੇਸ਼ ਸਹਿਯੋਗ ਕੈਮਿਸਟ ਐਸੋਸੀਏਸ਼ਨ ਮੋਰਿੰਡਾ ਦਾ ਰਿਹਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਿਲਾ ਕੁਆਰਡੀਨੇਟਰ ਜਤਿੰਦਰ ਗੁੰਬਰ, ਸੈਕਟਰੀ ਟੇਕ ਚੰਦ ਗੋਪਾਲ, ਕੈਸ਼ੀਅਰ ਮਨੀਸ਼ ਵਸ਼ਿਸ਼ਟ,, ਮਾਸਟਰ ਹਾਕਮ ਸਿੰਘ, ਡਾਕਟਰ ਸ਼ਿਵ ਕੁਮਾਰ ਕੌੜਾ, ਸੀਨੀਅਰ ਪਤਰਕਾਰ ਜੌਲੀ ਸੂਦ,ਰਕੇਸ਼ ਪੁਰੀ ਪ੍ਰਧਾਨ ਵਾਕੀ ਟਾਕੀ ਕਲੱਬ,ਡਾਕਟਰ ਸ਼ਾਮ ਲਾਲ, ਮਨਦੀਪ ਸਿੰਘ, ਅਜੀਤ ਮੈਗੀ, ਕੁਲਦੀਪ ਦੀਪੀ,ਸੋਨਮਿੰਦਰ ਸਿੰਘ ਬਤਰਾ ਯੋਗਿੰਦਰ ਪਾਲ ਰੁਧਰਾ ,ਪੁਸ਼ਪਿੰਦਰ ਸੂਦ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਵਿਧਾਨ ਸਭਾ ਵਿੱਚ ਬਿੱਲ ਲਿਆਉਣ ਅਤੇ ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਾਖਲ ਕਰਨ ਦਾ ਵਾਅਦਾ ਤੋੜਿਆ

ਐਸ ਏ ਐਸ ਨਗਰ , 28 ਮਾਰਚ (ਭੁਪਿੰਦਰ ਸਿੰਘ ਗਰੇਵਾਲ) : ਸਾਂਝਾ ਅਧਿਆਪਕ ਮੋਰਚਾ ਪੰਜਾਬ ਅਤੇ ਅਧਿਆਪਕ ਜਥੇਬੰਦੀਆਂ ਪੰਜਾਬ ਦੀ ਵਰਚੁਅਲ ਮੀਟਿੰਗ ਸੁਰਿੰਦਰ ਕੁਮਾਰ ਪੁਆਰੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੁਖਵਿੰਦਰ ਸਿੰਘ ਚਾਹਲ, ਵਿਕਰਮ ਦੇਵ ਸਿੰਘ, ਸੁਰਿੰਦਰ ਕੰਬੋਜ, ਦਿਗਵਿਜੇ ਪਾਲ ਸ਼ਰਮਾ, ਬਾਜ ਸਿੰਘ ਖਹਿਰਾ, ਕ੍ਰਿਸ਼ਨ ਸਿੰਘ ਦੁੱਗਾਂ, ਹਰਵਿੰਦਰ ਸਿੰਘ ਬਿਲਗਾ, ਰਵਿੰਦਰਜੀਤ ਸਿੰਘ ਪੰਨੂ, ਪ੍ਰਗਟਜੀਤ ਸਿੰਘ ਕਿਸ਼ਨਪੁਰਾ, ਸੁਖਜਿੰਦਰ ਸਿੰਘ ਹਰੀਕਾ, ਹਰਭਜਨ ਸਿੰਘ, ਗੁਰਿੰਦਰ ਸਿੰਘ ਸਿੱਧੂ, ਪਤਵੰਤ ਸਿੰਘ, ਗੁਰਬਿੰਦਰ ਸਿੰਘ ਸਸਕੌਰ, ਰੇਸ਼ਮ ਸਿੰਘ, ਨਵਪ੍ਰੀਤ ਸਿੰਘ ਬੱਲੀ, ਮਹਿੰਦਰ ਸਿੰਘ ਕੌੜਿਆਂਵਾਲੀ, ਕੁਲਵਿੰਦਰ ਸਿੰਘ, ਰਮਨ ਕੁਮਾਰ, ਪਰਵਿੰਦਰ ਭਾਰਤੀ, ਐਨ ਡੀ ਤਿ

'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਪਿੰਡ ਵਾਸੀਆਂ ਨੂੰ ਮਿਲੇ ਮਾਲਕੀ ਦੇ ਅਧਿਕਾਰ : ਜਸਵਿੰਦਰ ਸਿੰਘ ਲਾਲਾ ਖਲੋਰ

ਰਾਜਪੁਰਾ, 28 ਮਾਰਚ (ਸੰਜੀਵ ਕੁਮਾਰ): ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਸਵਿੰਦਰ ਸਿੰਘ ਲਾਲਾ ਖਲੋਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਹਿਲ ਕਦਮੀ ਕਰਦਿਆਂ ਹੋਇਆਂ ਲਾਲ ਲਕੀਰ ਦੇ ਵਾਸੀਆਂ ਨੂੰ ਜ਼ਮੀਨਾਂ ਦੇ ਮਾਲਕ ਬਣਾਉਣ ਵੱਲ ਇੱਕ ਪਰਿਵਰਤਨਸ਼ੀਲ ਕਦਮ ਚੁੱਕੇ ਹਨ। ਇਸ ਸਕੀਮ ਦੇ ਤਹਿਤ ਪਿੰਡਾਂ ਦੇ ਵਿੱਚ ਲਾਲ ਲਕੀਰ ਅਧੀਨ ਆਉਂਦੇ ਪਰਿਵਾਰਾਂ ਨੂੰ ਮਾਲਕੀ ਦੇ ਅਧਿਕਾਰ ਸੌਂਪੇ ਜਾ ਰਹੇ ਹਨ।

ਲਾਲਾ ਖਲੋਰ ਨੇ ਕਿਹਾ ਕਿ ਇਹ ਇਤਿਹਾਸਕ ਪਹਿਲਕਦਮੀ ਲੰਬੇ ਸਮੇਂ ਤੋਂ ਚੱਲ ਰਹੇ ਜਾਇਦਾਦ ਮਾਲਕੀ ਦੇ ਮੁੱਦਿਆਂ ਨੂੰ ਹੱਲ ਕਰਦੀ ਹੈ, ਜਿਸ ਨਾਲ ਲਾਲ ਲਕੀਰ ਨਿਵਾਸੀਆਂ ਨੂੰ ਮਾਲਕੀ ਦੇ ਕਾਨੂੰਨੀ ਅਧਿਕਾਰ ਮਿਲਦੇ ਹਨ। ਇਸ ਨਾਲ ਲਾਲ ਲਕੀਰ ਦੇ ਵਾਸੀਆਂ ਦੀਆ ਦਹਾਕਿਆਂ ਪੁਰਾਣੀਆਂ ਚੁਣੌਤੀਆਂ ਦਾ ਹੱਲ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਹ ਪਹਿਲ ਕਦਮੀ ਇਨ੍ਹਾਂ ਲੋਕਾਂ ਦਾ ਮਾਣ-ਸਨਮਾਨ ਬਹਾਲ ਕਰਦੀ ਹੈ ਅਤੇ ਇਨ੍ਹਾਂ ਲਈ ਆਰਥਿਕ ਸੰਭਾਵਨਾਵਾਂ ਨੂੰ ਖੋਲ੍ਹਦੀ ਹੈ। ਉਹਨਾਂ ਕਿਹਾ ਕਿ ਇਹ ਯੋਜਨਾ ਨਾ ਸਿਰਫ਼ ਕਾਨੂੰਨੀ ਮਾਨਤਾ ਪ੍ਰਦਾਨ ਕਰਦੀ ਹੈ, ਸਗੋਂ ਲਾਲ ਲਕੀਰ ਦੇ ਵਸੀਆਂ ਨੂੰ ਆਰਥਿਕ ਤਰੱਕੀ ਲਈ ਆਪਣੀ ਜਾਇਦਾਦ ਦੀ ਵਰਤੋਂ ਕਰਨ ਦੇ ਸਾਧਨ ਵੀ ਦਿੰਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਸ ਇਸ ਪਹਿਲਕਦਮੀ ਦਾ ਪਿੰਡਾਂ ਦੇ ਲਾਭਪਾਤਰੀਆਂ ਨੇ ਨਿੱਘਾ ਸਵਾਗਤ ਕੀਤਾ ਹੈ, ਜਿਨ੍ਹਾਂ ਨੇ ਕਾਨੂੰਨੀ ਮਾਲਕੀ ਰਾਹੀਂ ਪ੍ਰਦਾਨ ਕੀਤੀ ਗਈ ਸੁਰੱਖਿਆ ਅਤੇ ਮੌਕਿਆਂ ਲਈ ਆਪਣੀ ਡੂੰਘੀ ਸ਼ੁਕਰਗੁਜ਼ਾਰੀ ਪ੍ਰਗਟ ਕੀਤੀ। ਲਾਲਾ ਖਲੋਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੇਰਾ ਘਰ ਮੇਰੇ ਨਾਮ ਸਕੀਮ ਨੂੰ ਲਾਗੂ ਕਰਨ ਦਾ ਮੁੱਖ ਉਦੇਸ਼ ਲਾਲ ਲਕੀਰ ਦੇ ਅੰਦਰ ਘਰਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਮਾਲਕੀ ਅਧਿਕਾਰ ਪ੍ਰਦਾਨ ਕਰਨਾ ਹੈ। ਇਸ ਯੋਜਨਾ ਦੇ ਤਹਿਤ ਲਾਲ ਲਕੀਰ ਦੇ ਅੰਦਰ ਰਹਿਣ ਵਾਲੇ ਲੋਕ ਜਿਨ੍ਹਾਂ ਨੂੰ ਅੱਜ ਜਾਇਦਾਦ ਦੇ ਅਧਿਕਾਰ ਮਿਲ ਗਏ ਹਨ, ਉਹ ਆਪਣੀ ਜਾਇਦਾਦ ਵੇਚ ਸਕਣਗੇ ਅਤੇ ਆਪਣੇ ਘਰਾਂ 'ਤੇ ਕਰਜ਼ਾ ਲੈ ਸਕਣਗੇ। ਲਾਲਾ ਖਲੋਰ ਨੇ ਕਿਹਾ ਕਿ ਸ਼ੁੱਧਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਡਰੋਨ ਸਰਵੇਖਣ ਦੇ ਨਾਲ ਲਾਲ ਲਕੀਰ ਦੇ ਅੰਦਰ ਜਾਇਦਾਦਾਂ ਦੀ ਸਹੀ ਢੰਗ ਨਾਲ ਮੈਪਿੰਗ ਕੀਤੀ ਜਾ ਰਹੀ ਹੈ, ਜਦਕਿ ਮਾਲ ਅਧਿਕਾਰੀਆਂ ਵੱਲੋਂ ਮਾਲਕੀ ਦੀ ਪੁਸ਼ਟੀ ਕਰਨ ਲਈ ਜ਼ਮੀਨੀ ਰਿਕਾਰਡਾਂ ਦੀ ਪੁਸ਼ਟੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤਕਨਾਲੋਜੀ ਅਧਾਰਤ ਪਹੁੰਚ ਨੇ ਗਲਤੀਆਂ ਨੂੰ ਘਟਾ ਦਿੱਤਾ ਹੈ, ਪ੍ਰਕਿਰਿਆ ਨੂੰ ਤੇਜ਼ ਕੀਤਾ ਹੈ।

ਪੁਲਿਸ ਨੇ ਨਾਕਾਬੰਦੀ ਕਰਕੇ ਕੀਤੀ ਚੈਕਿੰਗ

ਨਾਭਾ, 28 ਮਾਰਚ (ਬਲਜਿੰਦਰ ਮਾਨ/ ਚੌਧਰੀਮਾਜਰਾ) : ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਕਰਨ ਅਤੇ ਸ਼ਰਾਰਤੀ ਅਨਸਰਾਂ 'ਤੇ ਨਕੇਲ ਕੱਸਣ ਲਈ ਪੰਜਾਬ ਪੁਲਿਸ ਵੱਲੋਂ ਸੂਬੇ ਭਰ ਵਿੱਚ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਅਤੇ ਐਸਐਸਪੀ ਵਰੁਣ ਸ਼ਰਮਾ ਪਟਿਆਲਾ ਦੇ ਦਿਸ਼ਾ ਨਿਰਦੇਸ਼ਾਂ ਦੇ ਤਹਿਤ ਹਾਈਟੈਕ ਨਾਕਾਬੰਦੀ ਕੀਤੀ ਗਈ, ਜਿਸ ਦੇ ਤਹਿਤ ਨਾਭਾ ਦੇ ਡੀਐਸਪੀ ਗੁਰਿੰਦਰ ਸਿੰਘ ਬੱਲ ਵੱਲੋਂ ਸੀਲਿੰਗ ਨਾਕਾ ਲਗਾ ਕੇ ਆਉਣ ਜਾਣ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਗਈ ਅਤੇ ਦਰਜਨਾਂ ਵਾਹਨਾਂ ਦੇ ਚਲਾਣ ਵੀ ਕੱਟੇ ਗਏ। ਡੀਐਸਪੀ ਗੁਰਿੰਦਰ ਸਿੰਘ ਬੱਲ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਮਾੜੇ ਅੰਨਸਰਾਂ ਨੂੰ ਠੱਲ ਪਾਉਣ ਅਤੇ ਨਸ਼ਾ ਤਸਕਰਾਂ 'ਤੇ ਨਕੇਲ ਕੱਸਣ ਦੇ ਲਈ ਇਹ ਸਪੈਸ਼ਲ ਨਾਕਾਬੰਦੀ ਕੀਤੀ ਗਈ ਹੈ। ਉਹਨਾਂ ਕਿਹਾ ਕਿ ਇਹ ਵਿਸ਼ੇਸ਼ ਨਾਕਾਬੰਦੀ ਕੀਤੀ ਗਈ, ਉਨ੍ਹਾਂ ਕਿਹਾ ਕਿ ਜਿੱਥੇ ਪੁਲਿਸ ਵੱਲੋਂ ਆਉਣ ਜਾਣ ਵਾਲੇ ਵਾਹਨਾਂ ਦੀ ਸਪੈਸ਼ਲ ਰੋਕ ਕੇ ਚੈਕਿੰਗ ਕੀਤੀ ਗਈ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਚਲਾਨ ਵੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਕਿਸੇ ਵੀ ਅਪਰਾਧਿਕ ਗਤੀਵਿਧੀ ਜਾਂ ਨਸ਼ਿਆਂ ਦੇ ਵਪਾਰ ਬਾਰੇ ਕੋਈ ਜਾਣਕਾਰੀ ਹੋਵੇ ਤਾਂ ਉਹ ਬਿਨ੍ਹਾਂ ਕਿਸੇ ਡਰ ਦੇ ਪੁਲਿਸ ਪ੍ਰਸ਼ਾਸਨ ਨੂੰ ਸੂਚਨਾ ਦੇਣ। ਉਨ੍ਹਾਂ ਕਿਹਾ ਕਿ ਸ਼ਰਾਰਤੀ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਜੋ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰੇਗਾ ਉਸ ਦੇ ਖਿਲਾਫ ਬਣਦੀ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਵੱਡੀ ਗਿਣਤੀ ਵਿੱਚ ਪੁਲਿਸ ਮੁਲਾਜ਼ਮ ਹਾਜ਼ਰ ਸਨ।

ਬਲਾਕ ਸੰਮਤੀ ਸ਼ੰਭੂ ਕਲਾ ਦੇ ਵਾਈਸ ਚੇਅਰਮੈਨ ਭੁਪਿੰਦਰ ਸਿੰਘ ਭਿੰਦਾ ਦਾ ਪਿੰਡ ਦੇ ਨੌਜਵਾਨਾਂ ਵੱਲੋਂ ਸਨਮਾਨ

ਰਾਜਪੁਰਾ, 28 ਮਾਰਚ (ਸੰਜੀਵ ਕੁਮਾਰ) : ਇੱਥੋਂ ਨੇੜਲੇ ਪਿੰਡ ਖਾਨਪੁਰ ਗੰਡਿਆਂ (ਰੇਲੂ) ਵਿਖੇ ਪਿੰਡ ਦੇ ਨੌਜਵਾਨ ਗੁਰਸੇਵਕ ਸਿੰਘ, ਨਵਜੋਤ ਸਿੰਘ ਸਮੇਤ ਹੋਰਨਾਂ ਦੀ ਅਗਵਾਈ ਦੇ ਵਿੱਚ ਸਨਮਾਨ ਸਮਾਰੋਹ ਰੱਖਿਆ ਗਿਆ, ਜਿਸ ਵਿੱਚ ਪਿੰਡ ਦੇ ਜੰਮਪਲ ਯੁਵਕ ਸੇਵਾਵਾਂ ਕਲੱਬ ਦੇ ਪ੍ਰਧਾਨ ਅਤੇ ਬਲਾਕ ਸੰਮਤੀ ਮੈਂਬਰ ਭੁਪਿੰਦਰ ਸਿੰਘ ਭਿੰਦਾ ਜਿਨ੍ਹਾਂ ਨੂੰ ਬਲਾਕ ਸੰਮਤੀ ਸ਼ੰਭੂ ਕਲਾ ਦਾ ਵਾਈਸ ਚੇਅਰਮੈਨ ਲਗਾਇਆ ਗਿਆ ਹੈ ਵਿਸ਼ੇਸ਼ ਤੌਰ 'ਤੇ ਪੁੱਜੇ, ਜਿਨ੍ਹਾਂ ਦਾ ਯੂਥ ਆਗੂ ਗੁਰਸੇਵਕ ਸਿੰਘ, ਨਵਜੋਤ ਸਿੰਘ, ਹਰਦੀਪ ਸਿੰਘ, ਗੁਰਵਿੰਦਰ ਸਿੰਘ, ਸਤਨਾਮ ਸਿੰਘ ਬੱਬੂ, ਬਲਜਿੰਦਰ ਸਿੰਘ ਲਾਡੀ, ਜਸ਼ਨਪ੍ਰੀਤ ਸਿੰਘ, ਜਰਨੈਲ ਸਿੰਘ, ਜੋਗਾ ਸਿੰਘ, ਗੁਰਪ੍ਰੀਤ ਸਿੰਘ, ਜੋਧਾ ਸਿੰਘ, ਟਿੰਕੂ, ਸੈਂਟੀ ਸਮੇਤ ਹੋਰਨਾਂ ਵੱਲੋਂ ਫੁੱਲਾਂ ਦੇ ਹਾਰ ਅਤੇ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਨੌਜਵਾਨ ਆਗੂਆਂ ਦਾ ਕਹਿਣਾ ਹੈ ਕਿ ਬੜੀ ਮਾਣ ਵਾਲੀ ਗੱਲ ਹੈ ਕਿ ਨੌਜਵਾਨ ਆਗੂ ਬਲਾਕ ਸੰਮਤੀ ਮੈਂਬਰ ਭੁਪਿੰਦਰ ਸਿੰਘ ਭਿੰਦਾ ਨੂੰ ਹਲਕਾ ਘਨੌਰ ਦੇ ਵਿਧਾਇਕ ਗੁਰਲਾਲ ਸਿੰਘ ਘਨੌਰ ਦੇ ਆਸ਼ੀਰਵਾਦ ਸਦਕਾ ਸਮੂਹ ਬਲਾਕ ਸੰਮਤੀ ਮੈਂਬਰਾਂ ਵੱਲੋਂ ਵਾਈਸ ਚੇਅਰਮੈਨ ਚੁਣਿਆ ਗਿਆ ਹੈ। ਇਸ ਮੌਕੇ ਨਵ ਨਿਯੁਕਤ ਵਾਈਸ ਚੇਅਰਮੈਨ ਭੁਪਿੰਦਰ ਸਿੰਘ ਭਿੰਦਾ ਨੇ ਹਲਕਾ ਘਨੌਰ ਦੇ ਵਿਧਾਇਕ ਗੁਰਲਾਲ ਸਿੰਘ ਅਤੇ ਸਮੂਹ ਬਲਾਕ ਸੰਮਤੀ ਮੈਂਬਰਾਂ ਦਾ ਦਿੱਤੇ ਗਏ ਮਾਨ ਸਨਮਾਨ ਬਦਲੇ ਧੰਨਵਾਦ ਕਰਦੇ ਹਾਂ ਵਿਸ਼ਵਾਸ ਦਵਾਇਆ ਕਿ ਉਹ ਬਲਾਕ ਸੰਮਤੀ ਸ਼ੰਭੂ ਕਲਾਂ ਦਾ ਬਤੌਰ ਵਾਈਸ ਚੇਅਰਮੈਨ ਹੋਣ ਦੇ ਨਾਤੇ ਅਧੀਨ ਆਉਂਦੇ ਪਿੰਡਾਂ ਦੇ ਵਿੱਚ ਵਿਕਾਸ ਕਾਰਜਾਂ ਦੀ ਕੋਈ ਘਾਟ ਨਹੀਂ ਆਉਣ ਦੇਣਗੇ। ਉਹਨਾਂ ਕਿਹਾ ਕਿ ਜਲਦ ਬਲਾਕ ਸੰਮਤੀ ਸ਼ੰਭੂ ਕਲਾਂ ਦੇ ਸਮੂਹ ਮੈਂਬਰਾਂ ਦੀ ਮੀਟਿੰਗ ਸੱਦ ਕੇ ਅਧੀਨ ਆਉਂਦੇ ਪਿੰਡਾਂ ਦੇ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਸਬੰਧੀ ਜਾਣਕਾਰੀ ਇਕੱਤਰ ਕੀਤੀ ਜਾਵੇਗੀ।

ਹਲਕਾ ਘਨੌਰ ਦੇ ਪਿੰਡ ਸੈਦਖੇੜੀ ਵਿਖੇ ਨਵੇਂ 'ਆਮ ਆਦਮੀ ਕਲੀਨਿਕ' ਦੀ ਹੋਈ ਸ਼ੁਰੂਆਤ, ਲੋਕਾਂ ਨੂੰ ਮਿਲੇਗਾ ਮੁਫ਼ਤ ਇਲਾਜ

ਘਨੌਰ, 28 ਮਾਰਚ (ਰਾਜਿੰਦਰ ਸਿੰਘ ਕੰਬੋਜ) : ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਸਿਹਤ ਮੰਤਰੀ ਪੰਜਾਬ ਡਾ.ਬਲਵੀਰ ਸਿੰਘ ਵੱਲੋਂ ਸੂਬੇ ਨੂੰ 'ਰੰਗਲਾ ਪੰਜਾਬ' ਬਣਾਉਣ ਅਤੇ ਸਿਹਤ ਸਹੂਲਤਾਂ ਵਿੱਚ ਇਨਕਲਾਬੀ ਸੁਧਾਰ ਲਿਆਉਣ ਦੀ ਮੁਹਿੰਮ ਲਗਾਤਾਰ ਜਾਰੀ ਹੈ। ਇਸੇ ਲੜੀ ਤਹਿਤ ਹਲਕਾ ਘਨੌਰ ਦੇ ਪਿੰਡ ਸੈਦਖੇੜੀ ਵਿਖੇ ਨਵਾਂ 'ਆਮ ਆਦਮੀ ਕਲੀਨਿਕ (ਮੁਹੱਲਾ ਕਲੀਨਿਕ) ਖੋਲ੍ਹਿਆ ਗਿਆ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਪ੍ਰਧਾਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਦੱਸਿਆ ਕਿ ਇਸ ਕਲੀਨਿਕ ਦੇ ਖੁੱਲ੍ਹਣ ਨਾਲ ਇਲਾਕੇ ਦੇ 10 ਤੋਂ 12 ਪਿੰਡਾਂ ਦੇ ਲੋਕਾਂ ਨੂੰ ਸਿੱਧਾ ਲਾਭ ਪਹੁੰਚੇਗਾ ਅਤੇ ਹੁਣ ਉਨ੍ਹਾਂ ਨੂੰ ਮਾਮੂਲੀ ਇਲਾਜ ਲਈ ਦੂਰ-ਦੁਰਾਡੇ ਹਸਪਤਾਲਾਂ ਵਿੱਚ ਖੱਜਲ-ਖੁਆਰ ਨਹੀਂ ਹੋਣਾ ਪਵੇਗਾ। ਵਿੱਕੀ ਘਨੌਰ ਨੇ ਅੱਗੇ ਦੱਸਿਆ ਕਿ ਹਲਕਾ ਘਨੌਰ ਵਿੱਚ ਸਿਹਤ ਸਹੂਲਤਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਸਮੇਂ ਪੰਜਾਬ ਦੇ ਵਿੱਚ 881 ਮੁਹੱਲਾ ਕਲੀਨਿਕ ਚੱਲ ਰਹੇ ਹਨ ਅਤੇ ਹੁਣ ਪੰਜਾਬ ਸਰਕਾਰ ਦੇ ਵੱਲੋਂ 109 ਹੋਰ ਮੁਹੱਲਾ ਕਲੀਨਿਕ ਦਾ ਉਦਘਾਟਨ ਸਿਹਤ ਕ੍ਰਾਂਤੀ ਤਹਿਤ ਬਦਲਦਾ ਪੰਜਾਬ ਦੌਰਾਨ ਕੀਤੇ ਗਏ ਹਨ ਅਤੇ ਉਹਨਾਂ ਕਿਹਾ ਕਿ ਮੈਨੂੰ ਖੁਸ਼ੀ ਹੈ ਕਿ ਮੇਰੇ ਜ਼ਿਲ੍ਹਾ ਪਟਿਆਲਾ ਦੇ ਵਿੱਚ 109 ਹੋਰ ਮੁਹੱਲਾ ਕਲੀਨਿਕਾਂ ਵਿੱਚੋਂ ਸੱਤ ਮੁਹੱਲਾ ਕਲੀਨਿਕ ਪਟਿਆਲਾ ਜ਼ਿਲ੍ਹੇ ਨੂੰ ਮਿਲੇ ਹਨ। ਜਿੱਥੇ ਲੋਕ ਮੁਫ਼ਤ ਟੈਸਟ ਅਤੇ ਦਵਾਈਆਂ ਦੀ ਸਹੂਲਤ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਮੁੱਖ ਮਕਸਦ ਹਰ ਨਾਗਰਿਕ ਤੱਕ ਮਿਆਰੀ ਸਿਹਤ ਸਹੂਲਤਾਂ ਪਹੁੰਚਾਉਣਾ ਹੈ। ਸੈਦਖੇੜੀ ਵਿਖੇ ਖੋਲ੍ਹੇ ਗਏ ਇਸ ਨਵੇਂ ਕਲੀਨਿਕ ਵਿੱਚ ਜ਼ਰੂਰੀ ਦਵਾਈਆਂ ਦੇ ਨਾਲ-ਨਾਲ ਸਾਰੇ ਅਹਿਮ ਟੈਸਟ ਬਿਲਕੁਲ ਮੁਫ਼ਤ ਕੀਤੇ ਜਾਣਗੇ, ਜਿਸ ਨਾਲ ਆਮ ਲੋਕਾਂ ਦੀ ਜੇਬ @ਤੇ ਪੈ ਰਿਹਾ ਆਰਥਿਕ ਬੋਝ ਘਟੇਗਾ।

ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਨੇ 'ਈਕੋ ਕਲੱਬ ਟ੍ਰੀ ਪਲਾਂਟੇਸ਼ਨ' ਡਰਾਈਵ ਨਾਲ ਹਰੇ ਭਰੇ ਆਲੇ- ਦੁਆਲੇ ਦੇ ਦ੍ਰਿਸ਼ਟੀਕੋਣ ਨੂੰ ਉੱਚਾ ਚੁੱਕਿਆ

ਰਾਜਪੁਰਾ, 28 ਮਾਰਚ (ਸੰਜੀਵ ਕੁਮਾਰ) : ਕੁਦਰਤ ਅਤੇ ਸਥਿਰਤਾ ਦੇ ਇੱਕ ਜੀਵੰਤ ਜਸ਼ਨ ਵਿੱਚ, ਈਕੋ ਕਲੱਬ ਅਤੇ ਵਿਗਿਆਨ ਵਿਭਾਗ ਨੇ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ, ਰਾਜਪੁਰਾ ਵਿਖੇ IQAC ਦੇ ਸਹਿਯੋਗ ਨਾਲ, ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਦੀ ਅਗਵਾਈ ਹੇਠ ਇੱਕ ਵਿਸ਼ਾਲ ਰੁੱਖ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ। ਇਸ ਪ੍ਰਭਾਵਸ਼ਾਲੀ ਪਹਿਲਕਦਮੀ ਨੂੰ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਦੁਆਰਾ ਵਾਤਾਵਰਣ ਸਿੱਖਿਆ ਪ੍ਰੋਗਰਾਮ (EEP) ਦੇ ਤਹਿਤ ਮਾਣ ਨਾਲ ਸਪਾਂਸਰ ਕੀਤਾ ਗਿਆ ਸੀ ਅਤੇ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਦੁਆਰਾ ਸਮਰਥਤ ਕੀਤਾ ਗਿਆ ਸੀ। ਇਹ ਪ੍ਰੋਗਰਾਮ ਈਕੋ ਕਲੱਬ ਕੋਆਰਡੀਨੇਟਰ ਡਾ. ਦਲਵੀਰ ਕੌਰ ਅਤੇ ਡਾ. ਜਸਨੀਤ ਕੌਰ ਦੀ ਮਾਹਰ ਅਗਵਾਈ ਹੇਠ ਬਹੁਤ ਸਫਲਤਾ ਨਾਲ ਚਲਾਇਆ ਗਿਆ, ਜਿਨ੍ਹਾਂ ਦੇ ਤਾਲਮੇਲ ਨੇ ਪ੍ਰੋਗਰਾਮ ਦੇ ਇੱਕ ਨਿਰਵਿਘਨ ਪ੍ਰਵਾਹ ਨੂੰ ਯਕੀਨੀ ਬਣਾਇਆ।

ਇਸ ਪ੍ਰੋਗਰਾਮ ਦੀ ਸ਼ੁਰੂਆਤ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਦੇ ਇੱਕ ਪ੍ਰੇਰਨਾਦਾਇਕ ਭਾਸ਼ਣ ਨਾਲ ਹੋਈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੌਦੇ ਲਗਾਉਣ ਦੇ ਕੰਮ ਤੋਂ ਪਰੇ ਦੇਖਣ ਅਤੇ ਸੁਹਜ ਸੁੰਦਰਤਾ ਅਤੇ ਵਾਤਾਵਰਨ ਸੰਤੁਲਨ ਦੋਵਾਂ ਲਈ ਪੌਦਿਆਂ ਦੇ ਪਾਲਣ-ਪੋਸ਼ਣ ਦੀ ਲੰਬੇ ਸਮੇਂ ਦੀ ਜ਼ਿੰਮੇਵਾਰੀ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਦਿਨ ਦੀ ਮੁੱਖ ਗੱਲ ਵੱਖ-ਵੱਖ ਧਾਰਾਵਾਂ ਦੇ ਵਿਦਿਆਰਥੀਆਂ ਦੀ ਉਤਸ਼ਾਹੀ ਭਾਗੀਦਾਰੀ ਸੀ। ਭਾਗੀਦਾਰਾਂ ਨੇ ਸਥਾਨਕ ਜਲਵਾਯੂ ਵਿੱਚ ਵਧਣ-ਫੁੱਲਣ ਵਾਲੇ ਦੇਸੀ ਪੌਦਿਆਂ ਦੀ ਚੋਣ ਕਰਨ, ਪੌਦਿਆਂ ਲਈ ਸਹੀ ਡੂੰਘਾਈ ਅਤੇ ਮਿੱਟੀ ਦੀ ਤਿਆਰੀ ਸਿੱਖਣ ਅਤੇ ਇਹ ਸਮਝਣ ਬਾਰੇ ਵਿਹਾਰਕ ਗਿਆਨ ਪ੍ਰਾਪਤ ਕੀਤਾ ਕਿ ਕਿਵੇਂ ਹਰਿਆਲੀ ਕੈਂਪਸ ਭਾਈਚਾਰੇ ਦੀ ਦ੍ਰਿਸ਼ਟੀ ਅਤੇ ਮਾਨਸਿਕ ਤੰਦਰੁਸਤੀ ਨੂੰ ਵਧਾਉਂਦੀ ਹੈ। ਇਸ ਸਮਾਗਮ ਨੂੰ ਮਾਣਯੋਗ ਫੈਕਲਟੀ ਮੈਂਬਰਾਂ ਡਾ. ਵੰਦਨਾ ਗੁਪਤਾ, ਡਾ. ਨੀਰਜ ਬਾਲਾ, ਡਾ. ਰਜਨੀ, ਡਾ. ਤਰੰਗ ਗੁਪਤਾ, ਪ੍ਰੋ. ਸੋਮੀਆ, ਡਾ. ਗੁਰਨਿੰਦਰ ਸਿੰਘ, ਡਾ. ਗੀਤੂ, ਡਾ. ਮਨਿੰਦਰ ਕੌਰ, ਪ੍ਰੋ. ਰਿਤੂ, ਡਾ. ਹਰਜਿੰਦਰ ਕੌਰ, ਪ੍ਰੋ.ਲੀਜ਼ਾ, ਪ੍ਰੋ. ਭਾਵਨਾ ਅਤੇ ਮੈਡਮ ਲਵਪ੍ਰੀਤ ਕੌਰ ਦੀ ਮੌਜੂਦਗੀ ਅਤੇ ਸਰਗਰਮ ਸਮਰਥਨ ਦੁਆਰਾ ਹੋਰ ਵੀ ਸ਼ਾਨਦਾਰ ਬਣਾਇਆ ਗਿਆ।

ਸਟਾਫ਼, ਮਾਲੀਆਂ ਦੇ ਸਮੂਹਿਕ ਯਤਨਾਂ ਅਤੇ ਵਿਦਿਆਰਥੀਆਂ ਦੇ ਜੋਸ਼ ਨੇ ਕੈਂਪਸ ਨੂੰ ਵਾਤਾਵਰਣ ਗਤੀਵਿਧੀਆਂ ਦੇ ਕੇਂਦਰ ਵਿੱਚ ਬਦਲ ਦਿੱਤਾ। ਦਿਨ ਦਾ ਅੰਤ ਵਿਦਿਆਰਥੀਆਂ ਨੇ ਨਵੇਂ ਲਗਾਏ ਗਏ ਪੌਦਿਆਂ ਦੀ ਦੇਖਭਾਲ ਕਰਨ ਅਤੇ ਆਪਣੇ ਰੋਜ਼ਾਨਾ ਜੀਵਨ ਵਿੱਚ ਟਿਕਾਊ ਜੀਵਨ ਦਾ ਅਭਿਆਸ ਜਾਰੀ ਰੱਖਣ ਦੀ ਸਹੁੰ ਲੈਣ ਨਾਲ ਕੀਤਾ।

ਲਾਲੜੂ ਮੰਡੀ ਵਿੱਚ ਆਮ ਆਦਮੀ ਕਲੀਨਿਕ ਦਾ ਉਦਘਾਟਨ — ਲੋਕਾਂ ਨੂੰ